**ਅੰਮ੍ਰਿਤਸਰ 11 ਜੂਨ (ਆਵਾਜ਼ਿ ਕੌਮ ਬਿਊਰੋ)**-ਖਡੂਰ ਸਾਹਿਬ ਹਲਕੇ ਤੋਂ ਭਾਰੀ ਵੋਟਾਂ ਨਾਲ ਜਿੱਤ ਹਾਸਲ ਕਰਨ ਦੇ ਬਾਵਜੂਦ ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਨੂੰ ਰਿਹਾਅ ਨਾ ਕਰਨ ਦਾ ਮਾਮਲਾ ਅਮਰੀਕਾ ਦੇ ਰਾਜਸੀ ਗਲਿਆਰਿਆਂ ’ਚ ਵੀਂ ਗੂੰਜ ਰਿਹਾ ਹੈ। ਇਸ ਬਾਰੇ ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਡਿਬਰੂਗੜ ਜੇਲ੍ਹ ਵਿਚ ਨਜ਼ਰ ਬੰਦ ਅਤੇ ਖਡੂਰ ਸਾਹਿਬ ਤੋਂ ਐੱਮ ਪੀ ਚੁਣੇ ਗਏ ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਦੇ ਮਾਤਾ ਪਿਤਾ ਬੀਬੀ ਬਲਵਿੰਦਰ ਕੌਰ ਤੇ ਸ. ਤਰਸੇਮ ਸਿੰਘ ਅਤੇ ਬੀਬੀ ਪਰਮਜੀਤ ਕੌਰ ਖਾਲੜਾ ਅਤੇ ਚਾਚਾ ਸੁਖਚੈਨ ਸਿੰਘ ਨੇ ਦੱਸਿਆ ਕਿ ਅਮਰੀਕਾ ਦੇ ਗੁਰਦੁਆਰਾ ਸਾਹਿਬਾਨ ਦੀਆਂ ਕਮੇਟੀਆਂ ਵੱਲੋਂ ਮਿਲ ਕੇ ਉੱਥੋਂ ਦੇ ਨਾਮਵਰ ਵਕੀਲ ਸ. ਜਸਪ੍ਰੀਤ ਸਿੰਘ ਅਟਾਰਨੀ ਐਂਡ ਲਾਅ ਨੂੰ ਇਹ ਸਾਰਾ ਮਾਮਲਾ ਅਮਰੀਕੀ ਸਰਕਾਰ ਅੱਗੇ ਉਠਾਉਣ ਦੀ ਜ਼ਿੰਮੇਵਾਰੀ ਸੌਂਪੀ ਗਈ। ਜਿਸ ਤਹਿਤ ਉਨ੍ਹਾਂ ਨੇ ਮਨੁੱਖੀ ਅਧਿਕਾਰਾਂ ਅਤੇ ਧਾਰਮਿਕ ਆਜ਼ਾਦੀ ਦੇ ਆਧਾਰ ’ਤੇ ਭਾਈ ਅੰਮ੍ਰਿਤਪਾਲ ਸਿੰਘ ਦੀ ਰਿਹਾਈ ਲਈ 5 ਜੂਨ ਨੂੰ ਅਮਰੀਕਾ ਦੇ ਉਪ ਰਾਸ਼ਟਰਪਤੀ ਨੂੰ ਪੱਤਰ ਵੀ ਲਿਖਿਆ ਸੀ। ਇਸ ਸਬੰਧ ਵਿੱਚ, ਉਪ ਰਾਸ਼ਟਰਪਤੀ ਕੈਮਿਲਾ ਹੈਰਿਸ ਦੀ ਚੀਫ਼ ਆਫ਼ ਸਟਾਫ਼ ਸ਼ੀਲਾ ਨਿੱਕਸ ਨੇ ਜਸਪ੍ਰੀਤ ਸਿੰਘ (ਸੁਨੇਹੇ ਦੀ ਇੱਕ ਕਾਪੀ ਨੱਥੀ ਹੈ) ਨੂੰ ਲਿਖਤੀ ਰੂਪ ਵਿੱਚ ਜਵਾਬ ਦਿੱਤਾ ਹੈ, ਜਿਸ ਤੋਂ ਬਾਅਦ ਉਪ ਰਾਸ਼ਟਰਪਤੀ ਦੇ ਏਸ਼ੀਆ-ਪ੍ਰਸ਼ਾਂਤ ਮਾਮਲੇ ਅਤੇ ਹਥਿਆਰ ਕੰਟਰੋਲ ਲਈ ਵਿਸ਼ੇਸ਼ ਸਲਾਹਕਾਰ ਸ੍ਰੀ ਸਿਧਾਰਥ ਅਈਅਰ ਵੱਲੋਂ ਮੰਗਲਵਾਰ ਨੂੰ 3:30 ’ਤੇ ਉਪ ਰਾਸ਼ਟਰਪਤੀ ਨਾਲ ਮੀਟਿੰਗ ਵਿੱਚ ਸ਼ਾਮਲ ਹੋਣ ਲਈ ਜਸਪ੍ਰੀਤ ਸਿੰਘ ਨੂੰ ਇੱਕ ਸੱਦਾ ਪ੍ਰਾਪਤ ਹੋਇਆ ਹੈ। (ਕਾਪੀ ਨੱਥੀ ਕੀਤੀ ਗਈ)। ਇਸ ਤੋਂ ਪਹਿਲਾਂ ਵੀ ਜਸਪ੍ਰੀਤ ਸਿੰਘ ਨਿਊ ਜਰਸੀ ਵਿੱਚ ਜਿਨ੍ਹਾਂ ਸੈਨੇਟਰਾਂ ਨੂੰ ਭਾਈ ਸਾਬ ਤੇ ਸਾਥੀ ਸਿੰਘਾਂ ਦੀ ਰਿਹਾਈ ਲਈ ਮਿਲ ਚੁੱਕੇ ਹਨ ਉਨ੍ਹਾਂ ’ਚ ਸੈਨੇਟਰ ਬੁਕਰ ਇਵੈਂਟ, ਕਾਂਗਰਸਮੈਨ ਰੌਬ ਮੇਨੇਡੇਜ਼, ਸੈਨੇਟਰ ਜੈਕੀ ਰੋਜ਼ਨ ਅਤੇ ਕਾਂਗਰਸਮੈਨ ਰੂਬੇਨ ਗੈਲੇਗੋ ਸ਼ਾਮਿਲ ਹਨ। ਮੰਗਲਵਾਰ ਨੂੰ ਵਾਈਸ ਪ੍ਰੈਜ਼ੀਡੈਂਟ ਨਾਲ ਮੀਟਿੰਗ ਵਾਲੇ ਦਿਨ ਜਸਪ੍ਰੀਤ ਸਿੰਘ ਅਟਾਰਨੀ ਹੋਰ ਦਸ ਸੈਨੇਟਰ/ਕਾਗਰਸਮੈਨਜ ਨਾਲ ਵੀ ਮੁਲਾਕਾਤ ਕਰਨਗੇ । ਇਸ ਮੌਕੇ ਪਰਿਵਾਰਕ ਮੈਂਬਰਾਂ ਨੇ ਕਿਹਾ ਕਿ ਭਾਈ ਅੰਮ੍ਰਿਤਪਾਲ ਸਿੰਘ ਪੰਜਾਬ ਵਿੱਚ ਦੋ ਲੱਖ ਦੀ ਸਭ ਤੋਂ ਵੱਧ ਲੀਡ ਨਾਲ ਸ੍ਰੀ ਖਡੂਰ ਸਾਹਿਬ ਹਲਕੇ ਤੋਂ ਸੰਸਦ ਮੈਂਬਰ ਚੁਣੇ ਗਏ ਹਨ। ਭਾਈ ਸਾਬ ਨੂੰ ਲੋਕਾਂ ਵੱਲੋਂ ਮਿਲੇ ਇਸ ਵੱਡੇ ਸਮਰਥਨ ਦਾ ਕਾਰਨ ਉਨ੍ਹਾਂ ਵੱਲੋਂ ਇਸ ਹਲਕੇ ਵਿੱਚ ਨਸ਼ਿਆਂ ਖਿਲਾਫ ਕੱਢੀ ਗਈ ਖ਼ਾਲਸਾ ਵਹੀਰ ਤੋਂ ਪ੍ਰਭਾਵਿਤ ਹੋ ਕੇ ਨਸ਼ੇ ਵਿੱਚ ਗ.ਲਤਾਨ ਜਵਾਨੀ ਵੱਲੋਂ ਨਸ਼ੇ ਛੱਡ ਕੇ ਕਲਗ.ੀਧਰ ਪਾਤਸ਼ਾਹ ਵੱਲੋਂ ਬਖ਼ਸ਼ੀ ਖੰਡੇ ਦੀ ਪਾਹੁਲ ਛੱਕ ਕੇ ਗੁਰੂ ਵਾਲੀ ਬਣਨ ਸਦਕਾ ਸੰਭਵ ਹੋਇਆ ਹੈ। ਉਨ੍ਹਾਂ ਕਿਹਾ ਕਿ ਸੰਗਤ ਵੱਲੋਂ ਮਿਲੇ ਇੰਨੇ ਵੱਡੇ ਫ਼ਤਵੇ ਤੋਂ ਬਾਅਦ ਵੀ ਸਰਕਾਰ ਵੱਲੋਂ ਭਾਈ ਸਾਹਿਬ ਤੋਂ ਐਨ.ਐਸ.ਏ ਨੂੰ ਤੁਰੰਤ ਨਾ ਹਟਾਉਣਾ ਅਤੇ ਭਾਈ ਸਾਹਿਬ ਨਾਲ ਸਬੰਧਾਂ ਦੇ ਆਧਾਰ ’ਤੇ ਉਨ੍ਹਾਂ ਦੇ ਸਾਥੀਆਂ ’ਤੇ ਲਗਾਇਆ ਗਿਆ ਐਨ.ਐਸ.ਏ ਨਾ ਹਟਾਉਣਾ ਮਨੁੱਖੀ ਅਧਿਕਾਰਾਂ ਦੀ ਸਿੱਧੀ ਉਲੰਘਣਾ ਅਤੇ ਧਾਰਮਿਕ ਅਜ਼ਾਦੀ ਉਪਰ ਪਾਬੰਦੀ ਲਾਉਣ ਦੇ ਬਰਾਬਰ ਹੈ । ਉਨ੍ਹਾਂ ਦੱਸਿਆ ਕਿ ਭਾਈ ਸਾਹਿਬ ਦੀ ਰਿਹਾਈ ਲਈ ਅਮਰੀਕਾ ਦੇ ਗੁਰਦੁਆਰਾ ਸਾਹਿਬਾਨ ਦੀਆਂ ਕਮੇਟੀਆਂ ਵੱਲੋਂ ਜਿਸ ਜਸਪ੍ਰੀਤ ਸਿੰਘ ਅਟਾਰਨੀ ਐਂਡ ਲਾਅ ਨੂੰ ਇਹ ਸਾਰਾ ਮਾਮਲਾ ਅਮਰੀਕੀ ਸਰਕਾਰ ਅੱਗੇ ਉਠਾਉਣ ਦੀ ਜ਼ਿੰਮੇਵਾਰੀ ਸੌਂਪੀ ਹੈ, ਉਹ ਅਮਰੀਕਾ ਦਾ ਬਹੁਤ ਵੱਡਾ ਵਕੀਲ ਹੈ ਜਿਸ ਕੋਲ ਨਿਊਯਾਰਕ ਕੈਲੇਫੋਰਨੀਆ ਵਿਚ ਮਾਹਿਰਾਂ ਦੀ ਬਹੁਤ ਵੱਡੀ ਟੀਮ ਹੈ। ਉਸ ਨੇ ਹਜ਼ਾਰਾਂ ਪੰਜਾਬੀਆਂ ਨੂੰ ਅਮਰੀਕਾ ਵਿਚ ਪੱਕੇ ਤੌਰ ’ਤੇ ਵਸਾਇਆ ਹੈ। ਅਮਰੀਕੀ ਸਰਕਾਰ ’ਚ ਉੱਚ ਅਹੁਦਿਆਂ ’ਤੇ ਬਿਰਾਜਮਾਨ ਲੋਕ ਨਿੱਜੀ ਤੌਰ ’ਤੇ ਜਸਪ੍ਰੀਤ ਸਿੰਘ ਦੇ ਕਰੀਬੀ ਹਨ।ਉਨ੍ਹਾਂ ਕਿਹਾ ਕਿ ਅਸੀਂ ਅੰਮ੍ਰਿਤਪਾਲ ਸਿੰਘ ਨੂੰ ਮਿਲੇ ਏਡੇ ਵੱਡੇ ਲੋਕ ਫ਼ਤਵੇ ਦੇ ਮੱਦੇਨਜ਼ਰ ਪੰਜਾਬ ਅਤੇ ਭਾਰਤ ਸਰਕਾਰ ਤੋਂ ਵੀ ਮੰਗ ਕਰਦੇ ਹਾਂ ਕਿ ਭਾਈ ਸਾਬ੍ਹ ’ਤੇ ਲਾਏ ਗਏ ਐਨ.ਐਸ.ਏ ਨੂੰ ਤੁਰੰਤ ਹਟਾਇਆ ਜਾਵੇ ਅਤੇ ਭਾਈ ਸਾਬ ਨਾਲ ਸਬੰਧ ਰੱਖਣ ਦੇ ਦੋਸ਼ਾਂ ਤਹਿਤ ਫੜੇ ਹੋਏ ਉਨ੍ਹਾਂ ਦੇ ਸਾਰੇ ਸਾਥੀਆਂ ਨੂੰ ਵੀ ਐਨ ਐਸ ਏ ਅਤੇ ਝੂਠੇ ਕੇਸਾਂ ਤੋਂ ਮੁਕਤ ਕਰਦਿਆਂ ਤੁਰੰਤ ਰਿਹਾਅ ਕੀਤਾ ਜਾਵੇ। ਅਸੀਂ ਇੱਕ ਗੱਲ ਹੋਰ ਸਪਸ਼ਟ ਕਰਨਾ ਚਾਹੁੰਦੇ ਹਾਂ ਕਿ ਭਾਈ ਅੰਮ੍ਰਿਤਪਾਲ ਸਿੰਘ ਦਾ ਉਹਨਾਂ ਕਈਆਂ ਨਾਲ ਕੋਈ ਸਬੰਧ ਨਹੀਂ ਹੈ ਜੋ ਵੱਖ-ਵੱਖ ਵਿਸ਼ੇਸ਼ ਚੈਨਲਾਂ ਨੂੰ ਇੰਟਰਵਿਊ ਦੇ ਰਹੇ ਹਨ। ਹੁਣ ਤੋਂ ਭਾਈ ਅੰਮ੍ਰਿਤਪਾਲ ਸਿੰਘ ਦਾ ਕੋਈ ਵੀ ਸੰਦੇਸ਼ ਜਾਂ ਬਿਆਨ ਬੀਬੀ ਪਰਮਜੀਤ ਕੌਰ ਖਾਲੜਾ ਮਾਤਾ ਬਲਵਿੰਦਰ ਕੌਰ ਪਿਤਾ ਤਰਸੇਮ ਸਿੰਘ ਚਾਚਾ ਸੁਖਚੈਨ ਸਿੰਘ ਨਾਲ ਸਾਂਝੇ ਤੌਰ ’ਤੇ ਵੀਡੀਓ ਰਾਹੀਂ ਜਾਂ ਪ੍ਰੈੱਸ ਨੋਟ/ਪ੍ਰੈੱਸ ਕਾਨਫ਼ਰੰਸ ਰਾਹੀਂ ਜਾਰੀ ਕੀਤਾ ਜਾਵੇਗਾ। ਇਸ ਲਈ ਸਾਰੇ ਪ੍ਰੈੱਸ ਅਤੇ ਇਲੈੱਕਟ੍ਰਾਨਿਕ ਮੀਡੀਆ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਭਾਈ ਸਾਬ ਦੇ ਸੰਦੇਸ਼/ਨੀਤੀਆਂ ਨੂੰ ਕਿਸੇ ਹੋਰ ਦੀ ਇੰਟਰਵਿਊ ਜਾਂ ਚਰਚਾ ਵਿੱਚ ਨਾ ਦਰਸਾਈਆਂ ਜਾਣ। ਇਸ ਤੋ ਇਲਾਵਾ ਉਨ੍ਹਾਂ ਇਸ ਗਲ ਦਾ ਵੀ ਸਖ਼ਤ ਨੋਟਿਸ ਲਿਆ ਕਿ ਪੰਜਾਬ ਸਰਕਾਰ ਦਾ ਮੰਤਰੀ ਲਾਲਜੀਤ ਸਿੰਘ ਭੁੱਲਰ ਨਾ ਕੇਵਲ ਹਾਰ ਤੋਂ ਸਗੋਂ ਆਪਣੇ ਵਾਰਡ ਤੋਂ ਵੀ ਹਾਰਨ ਕਾਰਨ ਬੌਖਲਾਹਟ ਵਿੱਚ ਆ ਕੇ ਆਮ ਸੰਗਤ ਨੂੰ ਸੱਦ ਕੇ ਉਨ੍ਹਾਂ ਤੋ ਸਪੀਕਰ ਫ਼ੋਨ ਤੇ ਉਨ੍ਹਾਂ ਦੇ ਪਰਿਵਾਰ ਨਾਲ ਗਲ ਕਰਾਉਂਦੇ ਹਨ ਕਿ ਵੋਟ ਕਿਸ ਨੂੰ ਪਾਈ ਜਦੋਂ ਘਰ ਦੀਆਂ ਬੀਬੀਆਂ ਜਵਾਬ ਦਿੰਦੀਆਂ ਹਨ ਕਿ ਭਾਈ ਅੰਮ੍ਰਿਤਪਾਲ ਸਿੰਘ ਨੂੰ ਤੇ ਨਾਲ ਹੀ ਇਹ ਮਨਿਸਟਰ ਘਰਾਂ ਵਿੱਚ ਬਿਜਲੀ ਬੋਰਡ ਦੇ ਅਧਿਕਾਰੀਆਂ ਤੋ ਰੇਡ ਕਰਾ ਕੇ ਜਾਂ ਕਿਸੇ ਨੂੰ ਪੁਲਿਸ ਤੋ ਦਬਕੇ ਮਰਵਾਉਂਦਾ ਹੈ। ਜੇਕਰ ਪ੍ਰਸ਼ਾਸਨ ਤੇ ਸਰਕਾਰ ਨੇ ਇਸ ਮਨਿਸਟਰ ਨੂੰ ਨੱਥ ਨਾ ਪਾਈ ਤਾਂ ਪੱਟੀ ਇਲਾਕੇ ਵਿੱਚ ਵਿਸ਼ਾਲ ਇਕੱਠ ਕਰਕੇ ਇਸ ਧੱਕੇ ਵਿਰੁੱਧ ਧਰਨੇ ਲਾਉਣ ਲਈ ਸੰਗਤ ਨੂੰ ਮਜਬੂਰ ਹੋਣਾ ਪਵੇਗਾ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਜੂਨ 1984 ਘੱਲੂਘਾਰੇ ਦੇ ਆਖ਼ਰੀ ਸ਼ਹੀਦ ਭਾਈ ਮੇਜਰ ਸਿੰਘ ਨਾਗੋਕੇ ਦਾ

# ਸ਼ਹੀਦੀ ਸਮਾਗਮ ਖ਼ਾਲਸਾਈ ਸ਼ਾਨੋ-ਸ਼ੌਕਤ ਨਾਲ ਕਰਵਾਇਆ





**ਅੰਮ੍ਰਿਤਸਰ, 11 ਜੂਨ (ਆਵਾਜ਼ਿ ਕੌਮ ਬਿਊਰੋ)**-ਸੰਤ ਗਿਆਨੀ ਜਰਨੈਲ ਸਿੰਘ ਖ਼ਾਲਸਾ ਭਿੰਡਰਾਂਵਾਲਿਆਂ ਦੀ ਅਗਵਾਈ ਵਿੱਚ ਜੂਝਣ ਵਾਲੇ ਜੂਨ 1984 ਘੱਲੂਘਾਰੇ ਦੇ ਆਖ਼ਰੀ ਸ਼ਹੀਦ ਭਾਈ ਮੇਜਰ ਸਿੰਘ ਜੀ ਨਾਗੋਕੇ ਦਾ 40ਵਾਂ ਸ਼ਹੀਦੀ ਦਿਹਾੜਾ ਉਹਨਾਂ ਦੇ ਪਰਿਵਾਰ ਵੱਲੋਂ ਪਿੰਡ ਨਾਗੋਕੇ, ਨੇੜੇ ਸ੍ਰੀ ਖਡੂਰ ਸਾਹਿਬ, ਜ਼ਿਲ੍ਹਾ ਤਰਨ ਤਾਰਨ ਵਿਖੇ ਖ਼ਾਲਸਾਈ ਸ਼ਾਨੋ-ਸ਼ੌਕਤ ਨਾਲ ਮਨਾਇਆ ਗਿਆ। ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਪੰਥਕ ਸ਼ਖਸੀਅਤਾਂ ਸਿੰਘ ਸਾਹਿਬ ਸੰਤ ਬਾਬਾ ਰਾਮ ਸਿੰਘ ਜੀ ਖ਼ਾਲਸਾ ਦਮਦਮੀ ਟਕਸਾਲ ਸੰਗਰਾਵਾਂ, ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਾਬਕਾ ਜਥੇਦਾਰ ਸਿੰਘ ਸਾਹਿਬ ਭਾਈ ਜਸਬੀਰ ਸਿੰਘ ਰੋਡੇ, ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਸੀਨੀਅਰ ਆਗੂ ਸ. ਈਮਾਨ ਸਿੰਘ ਮਾਨ, ਖ਼ਾਲਿਸਤਾਨੀ ਚਿੰਤਕ ਸ. ਸਰਬਜੀਤ ਸਿੰਘ ਘੁਮਾਣ, ਸਿੱਖ ਯੂਥ ਫੈ.ਡਰੇਸ਼ਨ ਭਿੰਡਰਾਂਵਾਲਾ ਦੇ ਪ੍ਰਧਾਨ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ, ਸ. ਉਪਕਾਰ ਸਿੰਘ ਸੰਧੂ, ਇੰਟਰਨੈਸ਼ਨਲ ਪੰਥਕ ਦਲ ਦੇ ਮੁੱਖ ਸਲਾਹਕਾਰ ਬਾਬਾ ਸੱਜਣ ਸਿੰਘ ਵਾੜਾ ਸ਼ੇਰ ਸਿੰਘ ਵਾਲਾ, ਵਾਰਿਸ ਪੰਜਾਬ ਦੇ ਮੁਖੀ ਭਾਈ ਅੰਮ੍ਰਿਤਪਾਲ ਸਿੰਘ ਦੇ ਪਿਤਾ ਸ. ਤਰਸੇਮ ਸਿੰਘ ਆਦਿ ਨੇ ਸਿੱਖ ਸੰਘਰਸ਼ ਸੰਬੰਧੀ ਵਿਚਾਰ ਸਾਂਝੇ ਕੀਤੇ ਤੇ ਅਨੇਕਾਂ ਸ਼ਹੀਦਾਂ ਦੇ ਪਰਿਵਾਰਾਂ ਨੂੰ ਸਨਮਾਨਿਤ ਕੀਤਾ ਗਿਆ। ਸ਼ਹੀਦ ਭਾਈ ਮੇਜਰ ਸਿੰਘ ਨਾਗੋਕੇ ਦੇ ਸਪੁੱਤਰ ਭਾਈ ਕੁਲਦੀਪ ਸਿੰਘ ਨਾਗੋਕੇ ਨੇ ਸਭ ਸੰਗਤਾਂ ਦਾ ਧੰਨਵਾਦ ਕੀਤਾ। ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ ਦੇ ਪ੍ਰਧਾਨ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਵੱਲੋਂ ਲਿਖੀ ਤਵਾਰੀਖ ਸ਼ਹੀਦ ਏ ਖਾਲਿਸਤਾਨ ਭਾਗ ਤੀਜਾ ਕਿਤਾਬ ਵੀ ਸ਼ਹੀਦ ਭਾਈ ਮੇਜਰ ਸਿੰਘ ਨਾਗੋਕੇ ਦੇ ਸਪੁੱਤਰ ਭਾਈ ਕੁਲਦੀਪ ਸਿੰਘ ਨਾਗੋਕੇ ਨੂੰ ਭੇਟ ਕੀਤੀ ਗਈ ਜਿਸ ਵਿੱਚ ਸ਼ਹੀਦ ਭਾਈ ਮੇਜਰ ਸਿੰਘ ਨਾਗੋਕੇ ਦੀ ਜੀਵਨੀ ਵੀ ਛਪੀ ਸੀ। ਇਸ ਮੌਕੇ ਸਿੰਘ ਸਾਹਿਬ ਬਾਬਾ ਰਾਮ ਸਿੰਘ ਜੀ ਦਮਦਮੀ ਟਕਸਾਲ ਸੰਗਰਾਵਾਂ ਨੇ ਕਿਹਾ ਕਿ ਸਿੱਖ ਕੌਮ ਇਸ ਸਮੇਂ ਕਈ ਧੜਿਆਂ ਵਿੱਚ ਵੰਡੀ ਜਾ ਚੁੱਕੀ ਹੈ, ਸਭ ਨੇ ਆਪੋ ਆਪਣੀ ਮਰਯਾਦਾ ਅਤੇ ਸ਼ਹੀਦ ਵੀ ਵੰਡ ਲਏ ਹਨ। ਸ਼ਹੀਦਾਂ ਨੂੰ ਸੱਚੀ ਸ਼ਰਧਾਂਜਲੀ ਇਹ ਹੋਵੇਗੀ ਕਿ ਅਸੀਂ ਬਾਣੀ ਬਾਣੇ ਦੇ ਧਾਰਨੀ ਅਤੇ ਇਕਮੁੱਠ ਹੋਈਏ। ਉਹਨਾਂ ਕਿਹਾ ਕਿ ਘੱਲੂਘਾਰਾ ਵਾਪਰਨ ਵਿੱਚ ਅਖੌਤੀ ਅਕਾਲੀਆਂ ਦਾ ਵੀ ਵੱਡਾ ਹੱਥ ਸੀ ਜਿਨਾਂ ਨੂੰ ਮਾਫ ਨਹੀਂ ਕੀਤਾ ਜਾ ਸਕਦਾ। ਸਿੰਘ ਸਾਹਿਬ ਭਾਈ ਜਸਵੀਰ ਸਿੰਘ ਰੋਡੇ ਨੇ ਕਿਹਾ ਕਿ ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਰੂਹਾਨੀ ਅਤੇ ਜਰਨੈਲੀ ਸ਼ਖਸ਼ੀਅਤ ਸਨ ਉਹਨਾਂ ਨੂੰ ਸਮੇਂ ਦੀਆਂ ਸਰਕਾਰਾਂ ਵੱਲੋਂ ਬਦਨਾਮ ਕੀਤਾ ਗਿਆ। ਇੰਦਰਾ ਗਾਂਧੀ ਨੂੰ ਕਈ ਸਰਕਾਰੀ ਅਧਿਕਾਰੀਆਂ ਨੇ ਕਿਹਾ ਕਿ ਉਹ ਦਰਬਾਰ ਸਾਹਿਬ ਉੱਤੇ ਹਮਲਾ ਨਾ ਕਰੇ ਪਰ ਫਿਰ ਵੀ ਉਸ ਨੇ ਰਾਜ ਦੇ ਨਸ਼ੇ ਵਿੱਚ ਇਹ ਪਾਪ ਕੀਤਾ। ਉਹਨਾਂ ਕਿਹਾ ਕਿ ਸੰਤ ਜਰਨੈਲ ਸਿੰਘ ਖਾਲਸਾ ਭਿੰਡਰਾਂਵਾਲਿਆਂ ਵੱਲੋਂ ਆਰੰਭਿਆ ਸੰਘਰਸ਼ ਅੱਜ ਵੀ ਜਾਰੀ ਹੈ। ਖਾਲਿਸਤਾਨੀ ਚਿੰਤਕ ਭਾਈ ਸਰਬਜੀਤ ਸਿੰਘ ਘੁਮਾਣ ਨੇ ਕਿਹਾ ਕਿ ਸਿੱਖਾਂ ਨੂੰ ਸਿੱਖੀ ਤੋਂ ਬਾਗੀ ਕਰਨ ਲਈ ਹਕੂਮਤ ਵੱਲੋਂ ਹਰ ਹਰਬਾ ਵਰਤਿਆ ਜਾ ਰਿਹਾ ਹੈ ਜਿਸ ਦੇ ਮੁਕਾਬਲੇ ਲਈ ਸਿੱਖਾਂ ਨੂੰ ਸਿੱਖੀ ਵਿੱਚ ਪਰਪੱਕ ਹੋਣ ਦੀ ਲੋੜ ਹੈ, ਅਸੀਂ ਆਪਣੇ ਬੱਚਿਆਂ ਨੂੰ ਅਮੀਰ ਵਿਰਸੇ ਤੋਂ ਜਾਣੂ ਕਰਵਾਈਏ ਅਤੇ ਸ਼ਹੀਦਾਂ ਦੇ ਨਿਸ਼ਾਨੇ ਖਾਲਿਸਤਾਨ ਪ੍ਰਤੀ ਸੰਘਰਸ਼ਸ਼ੀਲ ਹੋਈਏ। ਫੈਡਰੇਸ਼ਨ ਪ੍ਰਧਾਨ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਨੇ ਕਿਹਾ ਕਿ ਸਿੱਖ ਕੌਮ ਸ਼ਹੀਦਾਂ ਦੀ ਕੌਮ ਹੈ, ਸਿੱਖ ਇਤਿਹਾਸ ਸ਼ਹੀਦਾਂ ਦਾ ਇਤਿਹਾਸ ਹੈ ਤੇ ਨਾਗੋਕੇ ਪਿੰਡ ਸ਼ਹੀਦਾਂ ਦਾ ਪਿੰਡ ਹੈ, ਇਸ ਪਿੰਡ ਨੇ ਸੰਤ ਜਰਨੈਲ ਸਿੰਘ ਖਾਲਸਾ ਭਿੰਡਰਾਂਵਾਲਿਆਂ ਵੱਲੋਂ ਆਰੰਭੇ ਸੰਘਰਸ਼ ਵਿੱਚ ਵੱਡਾ ਯੋਗਦਾਨ ਪਾਇਆ ਹੈ, ਸ਼ਹੀਦ ਭਾਈ ਮੇਜਰ ਸਿੰਘ ਨਾਗੋਕੇ ਜੋ 10 ਜੂਨ ਤੱਕ ਜੂਝਦੇ ਰਹੇ ਸਨ ਉਹਨਾਂ ਨੇ ਰਾਸ਼ਟਰਪਤੀ ਗਿਆਨੀ ਜੈਲ ਸਿੰਘ ਤੇ ਵੀ ਹਮਲਾ ਕੀਤਾ ਅਤੇ ਅਨੇਕਾਂ ਭਾਰਤੀ ਫੌਜਾਂ ਦੇ ਸੱਥਰ ਵਿਛਾਏ ਸਨ। ਸਰਦਾਰ ਤਰਸੇਮ ਸਿੰਘ ਨੇ ਕਿਹਾ ਕਿ ਮੇਰੇ ਬੇਟੇ ਭਾਈ ਅੰਮ੍ਰਿਤਪਾਲ ਸਿੰਘ ਨੂੰ ਜਿਤਾਅ ਕੇ ਸਿੱਖ ਸੰਗਤਾਂ ਨੇ ਹਕੂਮਤ ਦੇ ਮੂੰਹ ਉੱਤੇ ਕਰਾਰੀ ਚਪੇੜ ਮਾਰੀ ਹੈ।

### ਸੰਤ ਜਰਨੈਲ ਸਿੰਘ ਭਿੰਡਰਾਂਵਾਲਿਆਂ ਵੱਲੋਂ ਅਰੰਭਿਆ ਸੰਘਰਸ਼ ਅੱਜ ਵੀ ਜਾਰੀ : ਪੰਥਕ ਆਗੂ

## ਸੁਖਬੀਰ ਬਾਦਲ ਅਕਾਲੀ ਦਲ ਦੀ ਸ਼ਰਮਨਾਕ ਹਾਰ ਲਈ ਖੁਦ ਅਸਤੀਫ਼ਾ ਦੇਵੇ ਨਹੀਂ ਤਾਂ

# ਹੁਣ ਪੰਥ ਖ਼ੁਦ ਬਰਨਾਲੇ ਵਾਂਗ ਲੈ ਲਵੇਗਾ : ਮਨਜੀਤ ਸਿੰਘ ਭੋਮਾ

ਲੋਕ ਸਭਾ ਚੋਣਾਂ ਵਿੱਚ ਸ੍ਰੋਮਣੀ ਅਕਾਲੀ ਦਲ ਦੀ ਸ਼ਰਮਨਾਕ ਹਾਰ ਭਾਵ ਜਮਾਨਤਾਂ ਹੀ ਜ਼ਬਤ ਤੋਂ ਬਾਅਦ ਪਾਰਟੀ ਵਿਚ ਬਗਾਵਤ ਵਾਲੀ ਸਥਿਤੀ ਬਣੀ ਹੋਈ ਹੈ। ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਪੰਜਾਬ ਦੇ ਚੇਅਰਮੈਨ ਮਨਜੀਤ ਸਿੰਘ ਭੋਮਾ ਨੇ ਇੱਕ ਪ੍ਰੈਸ ਬਿਆਨ ਰਾਹੀਂ ਮੰਗ ਕੀਤੀ ਹੈ ਕਿ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸ ਸੁਖਬੀਰ ਸਿੰਘ ਬਾਦਲ ਨੂੰ ਆਪਣੀ ਅਗਵਾਈ ਹੇਠ ਲੋਕ ਸਭਾ ਚੋਣਾਂ ਵਿੱਚ ਹੋਈ ਅਕਾਲੀ ਦਲ ਦੀ ਸ਼ਰਮਨਾਕ ਹਾਰ ਤੋਂ ਇਖ਼ਲਾਕੀ ਜ਼ੁਮੇਵਾਰੀ ਲੈਂਦਿਆਂ ਪ੍ਰਧਾਨਗੀ ਤੋਂ ਤੁਰੰਤ ਅਸਤੀਫ਼ਾ ਦੇ ਦੇਣਾ ਚਾਹੀਦਾ ਹੈ। ਪਰ ਸ ਸੁਖਬੀਰ ਸਿੰਘ ਬਾਦਲ ਇਖਲਾਕੀ ਜ਼ੁਮੇਵਾਰੀ ਲੈਂਦਿਆਂ ਪ੍ਰਧਾਨਗੀ ਤੋਂ ਅਸਤੀਫ਼ਾ ਦੇਣ ਨੂੰ ਤਿਆਰ ਨਹੀਂ ਹੈ ਅਤੇ ਨਾ ਹੀ ਕਦੇ ਹੋਈਆਂ ਹਾਰਾਂ ਤੇ ਉਤੇ ਮੰਥਨ ਕਰਨ ਲਈ ਤਿਆਰ ਹੋਇਆਂ ਹੈ। ਉਹਨਾਂ ਕਿਹਾ ਹਰੇਕ ਪੰਥਕ ਦਰਦੀ ਨੂੰ ਸ਼੍ਰੋਮਣੀ ਅਕਾਲੀ ਦਲ ਦੇ ਪੱਤਣ ਦਾ ਦੁੱਖ਼ ਹੈ ਤੇ ਉਹ ਸ਼੍ਰੋਮਣੀ ਅਕਾਲੀ ਦਲ ਦੀ ਚੜ੍ਹਦੀ ਕਲਾ ਚਾਹੁੰਦਾ ਹੈ ਪਰ ਜਿਸਦੇ ਕਾਰਨ ਪਾਰਟੀ ਦਾ ਪੱਤਣ ਹੋਇਆਂ ਉਹ ਸੁਖਬੀਰ ਸਿੰਘ ਬਾਦਲ ਪਾਸੇ ਹੋਣ ਲਈ ਤਿਆਰ ਨਹੀਂ ਜਦੋਂ ਕਿ ਸ੍ਰ ਢੀਂਡਸਾ, ਬੀਬੀ ਪਰਮਜੀਤ ਕੌਰ ਗੁਲਸ਼ਨ, ਪ੍ਰੋ ਪ੍ਰੇਮ ਸਿੰਘ ਚੰਦੂਮਾਜਰਾ, ਸ੍ਰ ਮਨਪ੍ਰੀਤ ਸਿੰਘ ਇਆਲੀ, ਸ ਬਲਦੇਵ ਸਿੰਘ ਮਾਨ ਤੇ ਕਈ ਹੋਰ ਸ ਸੁਖਬੀਰ ਸਿੰਘ ਬਾਦਲ ਦਾ ਅਸਤੀਫਾ ਮੰਗ ਚੁੱਕੇ ਹਨ ਪਰ ਪ੍ਰਧਾਨ ਸਾਹਿਬ ਹਾਲੇ ਵੀ ਖਾਮੋਸ਼ ਹਨ। ਦੂਸਰੇ ਪਾਸੇ ਉਹ ਤਾਂ ਬੀਬਾ ਹਰਸਿਮਰਤ ਕੌਰ ਬਾਦਲ ਦੀ ਜਿੱਤ ਦੇ ਜਸ਼ਨ ਮਨਾਕੇ ਭੰਗੜੇ ਪਾ ਰਹੇ ਹਨ। ਚਾਹੀਦਾ ਤਾਂ ਇਹ ਸੀ ਜਿਹਨਾਂ ਦੀਆਂ ਜਮਾਨਤਾਂ ਜਬਤ ਹੋਈਆਂ ਉਹਨਾਂ ਦੇ ਘਰ ਅਫ਼ਸੋਸ ਕਰਨ ਜਾਂਦੇ ਤੇ ਹੌਸਲਾ ਦੇਂਦੇ। ਸ ਮਨਪ੍ਰੀਤ ਸਿੰਘ ਇਆਲੀ ਦਾ ਸਪੱਸ਼ਟ ਕਹਿਣਾ ਕਿ ਝੂੰਦਾ ਕਮੇਟੀ ਦੀਆਂ ਸਿਫਾਰਸ਼ਾਂ ਲਾਗੂ ਕਰਨ ਤੋਂ ਇਨਕਾਰ ਕਰਨਾ ਹੀ ਪਾਰਟੀ ਲਈ ਮਾਰੂ ਸਾਬਤ ਹੋਇਆ ਹੈ। ਸ ਪ੍ਰਕਾਸ਼ ਸਿੰਘ ਬਾਦਲ ਅਤੇ ਸ ਸੁਖਬੀਰ ਸਿੰਘ ਬਾਦਲ ਨੇ ਜਿਵੇਂ ਜਥੇਦਾਰ ਕਾਉਂਕੇ ਦੇ ਕਤਲ ਦੀ ਤਿਵਾੜੀ ਦੀ ਰਿਪੋਰਟ ਰੱਦੀ ਦੀ ਟੋਕਰੀ ਵਿੱਚ ਸੁੱਟੀ ਤੇ ਇਸੇ ਤਰ੍ਹਾਂ ਬਾਦਲ ਨੇ ਨਕੋਦਰ ਗੋਲੀ ਕਾਂਡ ਦੀ ਰਿਪੋਰਟ ਵੀ ਦੱਬੀ ਰੱਖੀ। ਉਸੇ ਤਰਜ ਤੇ ਝੂੰਦਾ ਕਮੇਟੀ ਦੀ ਰਿਪੋਰਟ ਵੀ ਬਗੈਰ ਕੋਈ ਕਾਰਵਾਈ ਕੀਤਿਆਂ ਰੱਦੀ ਦੀ ਟੋਕਰੀ ਵਿੱਚ ਸੁੱਟ ਦਿੱਤੀ। ਉਲਟਾ ਝੂੰਦਾਂ ਕਮੇਟੀ ਨੂੰ ਮੰਨਣ ਤੇ ਲਾਗੂ ਕਰਨ ਦੀ ਬਜਾਏ ਘੁਰਕੀ ਮਾਰਕੇ ਝੂੰਦਾਂ ਸਮੇਂਤ ਕਮੇਟੀ ਮੈਂਬਰਾਂ ਨੂੰ ਆਪਣੇ ਅੱਗੇ ਗੋਡੇ ਟੇਕਣ ਲਈ ਮਜਬੂਰ ਕਰ ਦਿੱਤਾ ਇੱਕ ਤਰ੍ਹਾਂ ਨਾਲ ਇਹ ਝੂੰਦਾਂ ਕਮੇਟੀ ਨੇ ਦੋਸ਼ੀਆਂ ਨਾਲ ਬੇਸ਼ਰਮੀ ਦੀ ਤਰ੍ਹਾਂ ਜੱਫੀ ਪਾ ਲਈ। ਜਿਵੇਂ ਇਹ ਕਹਿ ਲਈਏ ਕਿ ਕੁੱਤੀ ਚੋਰਾਂ ਨਾਲ਼ ਰੱਲ ਗਈ ਤਾਂ ਕੋਈ ਅਤਿਕਥਨੀ ਨਹੀਂ ਹੋਵੇਗੀ। ਉਹਨਾਂ ਕਿਹਾ ਜਦੋਂ ਤੱਕ ਝੂੰਦਾ ਕਮੇਟੀ ਦੀ ਰਿਪੋਰਟ ਅਮਲ ਵਿੱਚ ਨਹੀਂ ਆਉਂਦੀ। ਸੁਖਬੀਰ ਸਿੰਘ ਬਾਦਲ ਪ੍ਰਧਾਨਗੀ ਤੋਂ ਅਸਤੀਫ਼ਾ ਨਹੀਂ ਦੇਂਦਾ, ਉਨ੍ਹੀਂ ਦੇਰ ਅਕਾਲੀ ਦਲ ਸਫਲਤਾ ਦੀਆਂ ਪੌੜੀਆਂ ਨਹੀਂ ਚੜ੍ਹ ਸਕਦਾ। ਅਕਾਲ ਲੀਡਰਸ਼ਿਪ ਨੂੰ ਬੀਬੀ ਕੁਲਵਿੰਦਰ ਕੌਰ ਤੋਂ ਸੇਧ ਲੈਂਦਿਆਂ ਸੁਖਬੀਰ ਬਾਦਲ ਦੇ ਵਿਰੁੱਧ ਅਵਾਜ਼ ਬੁਲੰਦ ਕਰਨੀ ਚਾਹੀਦੀ ਹੈ। ਅਕਾਲੀ ਦਲ 1996 ਤੋਂ ਬਾਅਦ ਪੰਥਕ ਲਾਈਨ ਛੱਡਕੇ ਕਾਂਗਰਸ ਤੇ ਭਾਜਪਾ ਵਾਲ਼ੀ ਲਾਈਨ ਉਪਰ ਤੁਰ ਪਿਆ। ਪੰਥ ਨੂੰ ਛੱਡ ਕੇ ਸਿਰਸੇ ਵਾਲੇ ਸਾਧ ਨਾਲ ਯਾਰੀ ਪਾ ਲਈ। ਬਰਗਾੜੀ, ਬਹਿਬਲਕਲਾਂ ਗੋਲੀ ਕਾਂਡ ਇਹਨਾਂ ਦੀ ਸਰਕਾਰ ਵਿੱਚ ਹੋਏ। ਸਿੱਖ ਨੌਜਵਾਨਾਂ ਨੂੰ ਝੂਠੇ ਮੁਕਾਬਲਿਆਂ ਵਿੱਚ ਮਾਰਨ ਵਾਲਿਆਂ ਨੂੰ ਸਜ਼ਾਵਾਂ ਦੇਣ ਦੀ ਬਜਾਏ ਸੁਮੇਧ ਸੈਣੀ ਤੇ ਇਜ਼ਹਾਰ ਆਲਮ ਵਰਗਿਆਂ ਨੂੰ ਉਚ ਅਹੁਦਿਆਂ ਨਾਲ ਨਿਵਾਜਿਆ। ਕੋਈ ਜਾਂਚ ਕਮਿਸ਼ਨ ਨਹੀਂ ਬਿਠਾਇਆ। ਸਿੱਖ ਕੌਮ ਦਾ ਹਰਿਆਵਲ ਦਸਤਾ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖ਼ਤਮ ਕਰਨ ਲਈ ਉਸਦੇ ਮੁਕਾਬਲੇ ਨਾਸਤਿਕ ਜਥੇਬੰਦੀ ਐਸ ਓ ਵਾਈ ਬਣਾਈ ਜਿਸ ਨੇ ਅਕਾਲੀ ਦਲ ਦੀ ਬੇੜੀ ਵਿੱਚ ਵਟੇ ਪਾਏ। ਤਖਤਾਂ ਦੇ ਜਥੇਦਾਰਾਂ ਨੂੰ ਮੁੱਖ ਮੰਤਰੀ ਦੀ ਸਰਕਾਰੀ ਕੋਠੀ ਸੱਦਕੇ ਗੁਰਮੀਤ ਰਾਮ ਰਹੀਮ ਨੂੰ ਮੁਆਫ ਕਰਨ ਦੇ ਹੁਕਮ ਚਾੜ੍ਹੇ ਗਏ। ਟਕਸਾਲੀ ਅਕਾਲੀ ਲੀਡਰਸ਼ਿਪ ਨੂੰ ਖੁੱਡੇ ਲਾਈਨ ਲਾ ਕੇ ਆਪਣੇ ਕਾਕਿਆਂ, ਚਿੱਟੇ ਦੇ ਥੋਕ ਤੇ ਪ੍ਰਚੂਨ ਦੇ ਵਪਾਰੀਆਂ ਨੂੰ ਮੂਹਰੇ ਲਾਇਆ ਗਿਆ। ਇਸ ਸਭ ਦਾ ਨਤੀਜਾ ਸਾਡੇ ਸਾਹਮਣੇ ਹੈ। ਕੀ ਸੁਖਬੀਰ ਬਾਦਲ ਤੋਂ ਬਗ਼ੈਰ ਪਾਰਟੀ ਨਹੀਂ ਚਲੇਗੀ? ਸੁਖਬੀਰ ਸਿੰਘ ਬਾਦਲ ਨੂੰ ਕੰਧ ਤੇ ਲਿਖਿਆ ਪੜ੍ਹ ਕੇ ਪਾਰਟੀ ਪ੍ਰਧਾਨਗੀ ਤੋਂ ਅਸਤੀਫਾ ਦੇ ਦੇਣਾ ਚਾਹੀਦਾ ਹੈ ਨਹੀਂ ਤਾਂ ਫ਼ੇਰ ਬਰਨਾਲੇ ਵਾਂਗ ਖ਼ੁਦ ਪੰਥ ਪ੍ਰਧਾਨਗੀ ਖੋਹ ਲਵੇਗਾ ਹੁਣ ਬਚਿਆਂ ਵੀ ਕੀ ਹੈ। ਇਸ ਵਿਚ ਹੀ ਪੰਥ ਤੇ ਸ਼੍ਰੋਮਣੀ ਅਕਾਲੀ ਦਲ ਅਤੇ ਉਸਦੀ ਖ਼ੁਦ ਸੁਖਬੀਰ ਸਿੰਘ ਬਾਦਲ ਦੀ ਭਲਾਈ ਹੈ।



## ਜੂਨ ਮਹੀਨਾ ਜਦ ਵੀ ਆਉਂਦਾ



ਜੂਨ ਮਹੀਨਾ ਜਦ ਵੀ ਆਉਂਦਾ।
ਸਾਲ ਚੁਰਾਸੀ ਯਾਦ ਕਰਾਉਂਦਾ।
ਕਿੰਝ ਭੁਲਾਈਏ ਉਸ ਵੇਲੇ ਨੂੰ,
ਧੂਹ ਕਲੇਜੇ ਨੂੰ ਜੋ ਪਾਉਂਦਾ।
ਹਰ ਹਾਕਮ ਦੀ ਫਿਤਰਤ ਹੈ ਇਹ,
ਹੱਕ ਮੰਗਣ 'ਤੇ ਜ਼ੋਰ ਦਿਖਾਉਂਦਾ।
ਮਿਟ ਜਾਂਦਾ ਹੈ ਖੁਦ ਵੀ ਜਾਲਮ,
ਮਜ਼ਲੂਮਾਂ ਤੇ ਜੁਲਮ ਜੋ ਢਾਉਂਦਾ।
ਚੁੱਲ੍ਹੇ ਵਿੱਚ ਘਾਹ ਉੱਗ ਆਵੇ ਤਾਂ,
ਦੱਸੋ ਕਿਹੜਾ ਸ਼ਗਨ ਮਨਾਉਂਦਾ।
ਅੱਲ੍ਹੇ ਜ਼ਖਮ ਉਚੇੜੀ ਜਾਵੇ,
ਬੇ-ਸ਼ਊਰ ਜਦ ਮਰਹਮ ਲਾਉਂਦਾ।
ਜਿਸ ਨੂੰ ਲੱਗੀ ਉਸ ਨੂੰ ਪੀੜਾ,
ਦੂਜਾ ਕਿੱਥੇ ਹੈ ਕੁਰਲਾਉਂਦਾ?
'ਜੀਤ' ਜੁ ਰੜਕ ਨਾ ਰੱਖੇ ਬੰਦਾ,
ਉਹ ਤਾਂ ਖਾਕ ਦੀ ਜੂਨ ਹੰਢਾਉਂਦਾ।

-ਅਮਰਜੀਤ ਸਿੰਘ ਜੀਤ

## ਪ੍ਰੈਕਟੀਸ਼ਨਰ ਐਸੋਸੀਏਸ਼ਨ ਅਤੇ ਜਨਤਾ ਹਸਪਤਾਲ ਵੱਲੋਂ ਮੁਫਤ ਮੈਡੀਕਲ ਕੈਂਪ ਲਗਾਇਆ



**ਚੌਕ ਮਹਿਤਾ, 11 ਜੂਨ (ਬਾਬਾ ਸੁਖਵੰਤ ਸਿੰਘ ਚੰਨਣਕੇ)** - ਸਥਾਨਕ ਜਨਤਾ ਹਸਪਤਾਲ ਏਅਰਪੋਰਟ ਰੋਡ ਅਤੇ ਡਿਸਟ੍ਰਿਕਟ ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਅੰਮ੍ਰਿਤਸਰ ਵੱਲੋਂ ਗੁਰਦੁਆਰਾ ਸ਼੍ਰੀ ਛੇਹਰਟਾ ਸਾਹਿਬ ਵਿਖੇ ਪ੍ਰਧਾਨ ਡਾ.ਜਸਪ੍ਰੀਤ ਸਿੰਘ ਅਤੇ ਚੇਅਰਮੈਨ ਡਾ.ਪ੍ਰਭਜੀਤ ਸਿੰਘ ਦੀ ਦੇਖ-ਰੇਖ ਵਿੱਚ ਮੁਫਤ ਮੈਡੀਕਲ ਚੈਕਅੱਪ ਕੈਂਪ ਲਗਾਇਆ ਗਿਆ, ਜਿਸ ਵਿੱਚ ਅੰਮ੍ਰਿਤਸਰ ਦੀ ਪ੍ਰਸਿੱਧ ਸ਼ੂਗਰ ਰੋਗਾਂ ਦੀ ਮਾਹਿਰ ਡਾ.ਮੈਕਸਿਮਾ ਆਨੰਦ ਅਤੇ ਡਾ.ਨੀਰਜ ਨੇ ਮਰੀਜਾਂ ਦਾ ਮੁਆਇਨਾ ਕਰਕੇ ਮੁਫਤ ਦਵਾਈਆਂ ਦਿੱਤੀਆਂ। ਇਸ ਕੈਂਪ ਦੀ ਸ਼ੁਰੂਆਤ ਗੁਰਦੁਆਰਾ ਛੇਹਰਟਾ ਸਾਹਿਬ ਦੇ ਮੈਨੇਜਰ ਭਾਈ ਹਰਵਿੰਦਰ ਸਿੰਘ ਰੂਪੋਵਾਲੀ ਨੇ ਕੀਤੀ। ਇਸ ਮੌਕੇ ਡਾ.ਮੈਕਸਿਮਾ ਆਨੰਦ ਨੇ ਆਏ ਮਰੀਜਾਂ ਨੂੰ ਸ਼ੂਗਰ ਤੋਂ ਅੱਗੇ ਹੋਰ ਹੋਣ ਵਾਲੀਆਂ ਬਿਮਾਰੀਆਂ ਬਾਰੇ ਵਿਸਥਾਰਪੂਰਵਕ ਚਾਨਣਾ ਪਾਇਆ.ਡਾ.ਆਨੰਦ ਨੇ ਕਿਹਾ ਕਿ ਸ਼ੂਗਰ ਦੀ ਰੋਕਥਾਮ ਕਰਨੀ ਬਹੁਤ ਜ਼ਰੂਰੀ ਹੈ ਸਮੇਂ ਸਿਰ ਦਵਾਈ, ਰੋਜ਼ਾਨਾ ਸੈਰ, ਸੰਤੁਲਿਤ ਭੋਜਨ ਆਦਿ ਨਾਲ ਅਸੀਂ ਇਸ ਤੇ ਕੰਟ੍ਰੋਲ ਕਰ ਸਕਦੇ ਹਾਂ। ਇਸ ਮੌਕੇ ਐਸਸੀਏਸ਼ਨ ਦੇ ਜਨਰਲ ਸਕੱਤਰ ਡਾ.ਪ੍ਰਭ ਸਿੰਘ, ਵਿੱਤ ਸਕੱਤਰ ਡਾ.ਸੁਰਜੀਤ ਸਿੰਘ, ਕਾਰਜਕਾਰਨੀ ਮੈਂਬਰ ਡਾ.ਰਛਪਾਲ ਸਿੰਘ, ਡਾ.ਪਰਮਿੰਦਰ ਸਿੰਘ, ਭਾਈ ਰਮਿੰਦਰ ਸਿੰਘ, ਭਾਈ ਸੁਖਬੀਰ ਸਿੰਘ, ਹਰਪਿੰਦਰ ਸਿੰਘ, ਜਸਬੀਰ ਕੌਰ, ਰਜੇਸ਼ ਕੁਮਾਰ, ਅਮਿਤ ਰਾਮਪਾਲ, ਸੋਰਵ ਕੰਬੋਜ, ਕੰਵਲਜੀਤ ਸਿੰਘ ਵਾਲੀਆ ਆਦਿ ਹਾਜ਼ਰ ਸਨ।

## ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਦੀ ਜਿੱਤ ਦੀ ਖੁਸ਼ੀ ਵਿੱਚ ਵਕੀਲ ਖਾਰਾ ਐਂਡ ਟੀਮ ਨੇ ਵੰਡੇ ਲੱਡੂ



ਨਵੀਂ ਦਿੱਲੀ 11 ਜੂਨ (ਮਨਪ੍ਰੀਤ ਸਿੰਘ ਖਾਲਸਾ):-ਬਠਿੰਡਾ ਕਚਹਿਰੀ ਦੇ ਸੀਨੀਅਰ ਐਡਵੋਕੇਟ ਹਰਪਾਲ ਸਿੰਘ ਖਾਰਾ ਅਤੇ ਉਹਨਾਂ ਦੀ ਸਮੁੱਚੀ ਟੀਮ ਨੇ ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਦੀ ਲੋਕ ਸਭਾ ਚੋਣਾਂ ਵਿੱਚ ਹਲਕਾ ਸ਼੍ਰੀ ਖਡੂਰ ਸਾਹਿਬ ਤੋਂ ਹੋਈ ਇਤਹਾਸਿਕ ਜਿੱਤ ਦੀ ਖੁਸ਼ੀ ਵਿੱਚ ਲੱਡੂ ਵੰਡ ਕੇ ਖੁਸ਼ੀ ਦਾ ਪ੍ਰਗਟਾਵਾ ਕੀਤਾ। ਇਸ ਸਬੰਧੀ ਸੀਨੀਅਰ ਐਡਵੋਕੇਟ ਹਰਪਾਲ ਸਿੰਘ ਖਾਰਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਜਿਸਨੂੰ ਕਿ ਬਿਨਾਂ ਕਿਸੇ ਗੱਲੋਂ ਐਨ.ਐਸ.ਏ ਲਗਾ ਡਿੱਬਡੂਗੜ ਵਿਖੇ ਪਿਛਲੇ ਲੰਮੇ ਸਿਰ ਤੋਂ ਜੇਲ੍ਹ ਵਿੱਚ ਰੱਖਿਆ ਹੋਇਆ ਹੈ, ਉਹਨਾਂ ਕਿਹਾ ਜਿਸ ਨੂੰ ਵਿਰੋਧੀ ਧਿਰ ਖ਼ਾਲਸਤਾਨੀ ਜਾ ਵੱਖਵਾਦੀ ਕੇ ਬਲਾਉਂਦੀ ਹੈ ਉਸ ਨੂੰ ਹੁਣ ਦੇਖ ਲੋ ਕੌਮ ਕਿੰਨਾ ਪਸੰਦ ਕਰ ਰਹੀ ਹੈ, ਉਹਨਾਂ ਕਿਹਾ ਕਿ ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਨੇ ਸ਼੍ਰੀ ਖਡੂਰ ਸਾਹਿਬ ਹਲਕਾ ਤੋਂ ਲੋਕ ਸਭਾ ਚੋਣਾਂ ਵਿੱਚ ਆਜ਼ਾਦ ਉਮੀਦਵਾਰ ਵਜੋਂ ਚੋਣ ਲੜਕੇ 1,97,210 ਵੋਟਾਂ ਦੇ ਵੱਡੇ ਮਾਰਜਨ ਨਾਲ ਇਤਹਾਸਕ ਜਿੱਤ ਹਾਸਲ ਕੀਤੀ ਹੈ। ਓਹਨਾਂ ਕਿਹਾ ਕਿ ਵੋਟਾਂ ਤੋਂ ਪਹਿਲਾਂ ਹਲਕਾ ਸ੍ਰੀ ਖਡੂਰ ਸਾਹਿਬ ਵਿਖੇ ਪ੍ਰਚਾਰ ਦੌਰਾਨ ਲੋਕਾਂ ਤੋਂ ਪਿੰਡ ਪਿੰਡ ਇਹਨਾਂ ਪਿਆਰ ਤੇ ਸਤਿਕਾਰ ਮਿਲਿਆ ਜਿਸ ਤੋਂ ਜਿੱਤ ਪਹਿਲੇ ਦਿਨ ਤੋਂ ਹੀ ਯਕੀਨੀਂ ਲੱਗ ਰਹੀ ਸੀ ਅਤੇ ਹੋਇਆ ਵੀ ਅਜਿਹਾ ਹਕੀਕਤ ਵਿੱਚ। ਉਹਨਾਂ ਇਹ ਵੀ ਕਿਹਾ ਘੱਲੂਘਾਰੇ ਦੀ 40 ਵੀਂ ਵਰ੍ਹੇਗੰਢ ਕਰਕੇ ਜਿੱਤ ਤੋਂ ਬਾਅਦ ਕੋਈ ਵੀ ਜਸ਼ਨ ਮਨਾਉਣ ਤੋਂ ਇੰਨਕਾਰ ਕੀਤਾ ਸੀ ਤਾਂ ਉਹਨਾਂ ਨੇ ਆਪਣੀ ਟੀਮ ਸਮੇਤ ਲੱਡੂ ਵੰਡ ਕੇ ਖੁਸ਼ੀ ਦਾ ਪ੍ਰਗਟਾਵਾ ਕੀਤਾ। ਇਸ ਸਮੇਂ ਉਹਨਾਂ ਦੇ ਨਾਲ ਉਹਨਾਂ ਦੀ ਸਮੁੱਚੀ ਟੀਮ ਵਿੱਚੋ ਐਡਵੋਕੇਟ ਰਣਜੋਧ ਸਿੰਘ ਭੁੱਲਰ, ਜੀਵਨ ਜੋਤ ਸਿੰਘ ਸੇਠੀ, ਗੁਰਜੋਤ ਸਿੰਘ ਸਿੱਧੂ, ਅਰਸ਼ਦੀਪ ਸ਼ਰਮਾ, ਰੋਹਿਤ ਸ਼ਰਮਾ, ਰਵੀ ਕੁਮਾਰ ਬਾਂਸਲ, ਗੁਰਲਾਲ ਸਿੰਘ, ਅਮਨ ਸੋਨਾਰੀਆ, ਹਰਪਾਲ ਸਿੰਘ, ਦਿਸ਼ਾਂਤ ਨਾਗਪਾਲ ਅਤੇ ਕਲਰਕ ਸੁਖਪਾਲ ਸਿੰਘ ਪਾਲਾ, ਗੁਰਜੰਟ ਸਿੰਘ ਕੋਟਫੱਤਾ, ਜਗਮੋਹਨ ਸਿੰਘ, ਜਲਵਿੰਦਰ ਸਿੰਘ ਆਦਿ ਹਾਜ਼ਰ ਸਨ।

## ਦਮਦਮੀ ਟਕਸਾਲ ਦੇ ਪਹਿਲੇ ਮੁਖੀ ਅਮਰ ਸ਼ਹੀਦ ਧੰਨ ਧੰਨ ਬਾਬਾ ਦੀਪ ਸਿੰਘ ਜੀ ਦੇ ਪਵਿੱਤਰ ਅਸਥਾਨ ਗੁਰਦੁਆਰਾ ਸ਼ਹੀਦ ਬੁੰਗਾ ਸਾਹਿਬ (ਪ੍ਰਕਰਮਾ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ) ਦੇ ਗਰਾਊਂਡ ਫਲੋਰ 'ਤੇ

# ਲੈਂਟਰ ਲਗਾਉਣ ਦੀ ਸੇਵਾ ਦਮਦਮੀ ਟਕਸਾਲ ਦੇ ਮੌਜੂਦਾ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਜੀ ਨੇ ਕੀਤੀ ਜੀ ਖਾਲਸਾ ਭਿੰਡਰਾਂਵਾਲਿਆਂ ਨੇ ਨਿਭਾਈ








ਦਮਦਮੀ ਟਕਸਾਲ ਦੇ ਪਹਿਲੇ ਮੁਖੀ ਅਮਰ ਸ਼ਹੀਦ ਧੰਨ ਧੰਨ ਬਾਬਾ ਦੀਪ ਸਿੰਘ ਜੀ ਦੇ ਪਵਿੱਤਰ ਅਸਥਾਨ ਗੁਰਦੁਆਰਾ ਸ਼ਹੀਦ ਬੁੰਗਾ ਸਾਹਿਬ (ਪ੍ਰਕਰਮਾ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ) ਦੇ ਗਰਾਊਂਡ ਫਲੋਰ ਤੇ ਲੈਂਟਰ ਲਗਾਉਣ ਦੀ ਸੇਵਾ ਦਮਦਮੀ ਟਕਸਾਲ ਦੇ ਮੌਜੂਦਾ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਜੀ ਨੇ ਕੀਤੀ ਜੀ ਖਾਲਸਾ ਭਿੰਡਰਾਂਵਾਲੇ ਨਿਭਾਉਂਦੇ ਹੋਏ।

(ਫੋਟੋਆਂ ਤੇ ਵੇਰਵਾ : ਆਵਾਜ਼ਿ ਕੌਮ ਬਿਊਰੋ)



ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਨਵ ਨਿਯੁਕਤ ਅਕਾਲੀ ਹਲਕਾ ਇੰਚਾਰਜ ਰਵੀਪ੍ਰੀਤ ਸਿੰਘ ਸਿੱਧੂ

# ਸ਼ੁਕਰਾਨੇ ਵਜੋਂ ਤਖਤ ਸ੍ਰੀ ਦਮਦਮਾ ਸਾਹਿਬ ਨਤਮਸਤਕ ਹੋਏ





**ਤਲਵੰਡੀ ਸਾਬੋ, 11 ਜੂਨ (ਗੁਰਜੰਟ ਸਿੰਘ ਨਥੇਹਾ)**- ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਬੀਤੀ ਸ਼ਾਮ ਵਿਧਾਨ ਸਭਾ ਹਲਕਾ ਤਲਵੰਡੀ ਸਾਬੋ ਤੋਂ ਅਕਾਲੀ ਦਲ ਦੇ ਹਲਕਾ ਇੰਚਾਰਜ ਨਿਯੁਕਤ ਕੀਤੇ ਨੌਜਵਾਨ ਆਗੂ ਰਵੀਪ੍ਰੀਤ ਸਿੰਘ ਸਿੱਧੂ ਅੱਜ ਸ਼ੁਕਰਾਨੇ ਵਜੋਂ ਵੱਡੀ ਗਿਣਤੀ ਸਮੱਰਥਕਾਂ ਸਮੇਤ ਤਖਤ ਸ੍ਰੀ ਦਮਦਮਾ ਸਾਹਿਬ ਨਤਮਸਤਕ ਹੋਏ। ਤਖਤ ਸਾਹਿਬ ਪੁੱਜਣ ਤੇ ਅਕਾਲੀ ਦਲ ਦੇ ਆਗੂਆਂ ਅਤੇ ਵਰਕਰਾਂ ਨੇ ਰਵੀਪ੍ਰੀਤ ਸਿੰਘ ਸਿੱਧੂ ਦਾ ਸ਼ਾਨਦਾਰ ਸਵਾਗਤ ਕੀਤਾ। ਤਖਤ ਸਾਹਿਬ ਮੱਥਾ ਟੇਕ ਰਵੀਪ੍ਰੀਤ ਸਿੰਘ ਸਿੱਧੂ ਨੇ ਤਖਤ ਸਾਹਿਬ ਦੇ ਗ੍ਰੰਥੀ ਭਾਈ ਜਰਨੈਲ ਸਿੰਘ ਤੋਂ ਸ਼ੁਕਰਾਨੇ ਅਤੇ ਸ਼੍ਰੋਮਣੀ ਅਕਾਲੀ ਦਲ ਦੀ ਚੜ੍ਹਦੀਕਲਾ ਦੀ ਅਰਦਾਸ ਕਰਵਾਈ ਅਤੇ ਕੁਝ ਸਮਾਂ ਕੀਰਤਨ ਸ੍ਰਵਣ ਕੀਤਾ। ਉਪਰੰਤ ਗੁਰਦੁਆਰਾ ਦਮਦਮਾ ਸਾਹਿਬ ਵਿਖੇ ਤਖਤ ਸਾਹਿਬ ਦੇ ਪ੍ਰਬੰਧਕਾਂ ਵੱਲੋਂ ਮੈਨੇਜਰ ਭਾਈ ਰਣਜੀਤ ਸਿੰਘ ਨੇ ਰਵੀਪ੍ਰੀਤ ਸਿੰਘ ਸਿੱਧੂ ਨੂੰ ਸਿਰੋਪਾਉ ਦੀ ਬਖਸ਼ਿਸ ਕੀਤੀ। ਤਖਤ ਸਾਹਿਬ ਨਤਮਸਤਕ ਹੋਣ ਉਪਰੰਤ ਪੱਤਰਕਾਰਾਂ ਨਾਲ ਗੱਲ ਕਰਦਿਆਂ ਰਵੀਪ੍ਰੀਤ ਸਿੰਘ ਸਿੱਧੂ ਨੇ ਆਪਣੀ ਨਿਯੁਕਤੀ ਤੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ, ਸੰਸਦ ਮੈਂਬਰ ਬੀਬਾ ਹਰਸਿਮਰਤ ਕੌਰ ਬਾਦਲ ਅਤੇ ਸਾਬਕਾ ਮੰਤਰੀ ਬਿਕਰਮ ਸਿੰਘ ਮਜੀਠੀਆ ਸਮੇਤ ਸਮੁੱਚੀ ਪਾਰਟੀ ਆਲਾਕਮਾਨ ਦਾ ਧੰਨਵਾਦ ਕਰਦਿਆਂ ਯਕੀਨ ਦਵਾਇਆ ਕਿ ਉਹ ਸਭਨਾਂ ਨੂੰ ਨਾਲ ਲੈ ਕੇ ਹਲਕੇ ਅੰਦਰ ਪਾਰਟੀ ਦੀ ਮਜ਼ਬੂਤੀ ਲਈ ਹੋਰ ਮਿਹਨਤ ਕਰਨਗੇ। ਉਨਾਂ ਨੇ ਲੋਕ ਸਭਾ ਚੋਣਾਂ ਵਿੱਚ ਹਲਕਾ ਤਲਵੰਡੀ ਸਾਬੋ ਤੋਂ ਅਕਾਲੀ ਉਮੀਦਵਾਰ ਬੀਬਾ ਹਰਸਿਮਰਤ ਕੌਰ ਬਾਦਲ ਨੂੰ ਵਧੀਆ ਲੀਡ ਦਵਾਉਣ ਤੇ ਵੀ ਅਕਾਲੀ ਆਗੂਆਂ ਅਤੇ ਵਰਕਰਾਂ ਦਾ ਧੰਨਵਾਦ ਕੀਤਾ। ਸਿੱਧੂ ਨੇ ਇਸ ਮੌਕੇ ਦੱਸਿਆ ਕਿ ਸ਼ੁਕਰਾਨੇ ਵਜੋਂ ਗੁ: ਬੀਰ ਸਿੰਘ, ਧੀਰ ਸਿੰਘ ਵਿਖੇ ਅੱਜ ਆਖੰਡ ਪਾਠ ਸਾਹਿਬ ਆਰੰਭ ਕਰਵਾਏ ਗਏ ਹਨ ਜਿੰਨਾਂ ਦੇ ਭੋਗ 13 ਜੂਨ ਨੂੰ ਪਾਏ ਜਾਣਗੇ ਅਤੇ ਇਸ ਦਿਨ ਸਮੁੱਚੇ ਹਲਕੇ ਦੀ ਅਕਾਲੀ ਲੀਡਰਸ਼ਿਪ ਸ਼ਮੂਲੀਅਤ ਕਰੇਗੀ। ਸਿੱਧੂ ਨਾਲ ਇਸ ਮੌਕੇ ਯੂਥ ਅਕਾਲੀ ਦਲ ਸੂਬਾ ਜਨਰਲ ਸਕੱਤਰ ਐਡਵੋਕੇਟ ਸਤਿੰਦਰ ਸਿੱਧੂ, ਜਸਵਿੰਦਰ ਸਿੰਘ ਜ਼ੈਲਦਾਰ, ਗੁਰਤੇਜ ਸਿੰਘ ਨਸੀਬਪੁਰਾ, ਹਰਭਗਤ ਸਿੰਘ ਗਿਆਨਾ, ਹਰਮੋਹਿੰਦਰ ਸਿੰਘ, ਬਿੰਦਰ ਸਿੰਘ ਪੱਕਾ, ਹਰਤਾਬਲ ਸਿੰਘ ਸੁੱਖੀ, ਮਨਜੀਤ ਠੇਕੇਦਾਰ ਜਗਾ, ਲਾਡੀ ਜੰਬਰ ਬਸਤੀ, ਜਗਵਿੰਦਰ ਸਿੰਘ ਭਾਗੀਵਾਂਦਰ ਸਾਬਕਾ ਚੇਅਰਮੈਨ, ਸੁਖਮੰਦਰ ਸਿੰਘ ਭਾਗੀਵਾਂਦਰ ਸਾਬਕਾ ਮੈਂਬਰ ਜਿਲ੍ਹਾ ਪ੍ਰੀਸ਼ਦ, ਬਲਵਿੰਦਰ ਗਿੱਲ ਸਾਬਕਾ ਕੌਂਸਲਰ, ਤੇਜਾ ਮਲਕਾਣਾ ਸਾਬਕਾ ਉਪ ਚੇਅਰਮੈਨ, ਟਕਸਾਲੀ ਆਗੂ ਗਿਆਨੀ ਨਛੱਤਰ ਸਿੰਘ ਜਗਾ, ਗੁਰਮੀਤ ਸਿੰਘ ਮੀਤਾ ਸਾਬਕਾ ਪ੍ਰਧਾਨ ਟਰੱਕ ਯੂਨੀਅਨ, ਇਵਨੀਤ ਸਿੰਘ ਅਸੀਜਾ, ਠਾਣਾ ਸਿੰਘ ਚੱਠਾ, ਡਾ. ਗੁਰਮੇਲ ਸਿੰਘ ਘਈ, ਰਵੀ ਕੋਕੀ, ਬੀਰਬਲ ਭਾਗੀਵਾਂਦਰ, ਚਰਨਾ ਮੈਂਬਰ ਭਾਗੀਵਾਂਦਰ, ਅਵਤਾਰ ਸਿੰਘ ਨਵਾਂ ਪਿੰਡ, ਰਾਜਵਿੰਦਰ ਰਾਜੂ ਅਤੇ ਵੀਰਪਾਲ ਕੌਰ ਦੋਵੇਂ ਸਾਬਕਾ ਕੌਂਸਲਰ ਰਾਮਾਂ, ਹਰਬੰਸ ਸਿੰਘ ਸੁਖਲੱਧੀ, ਨਾਜਰ ਸੁਖਲੱਧੀ, ਯਾਦਵਿੰਦਰ ਕੌਰੇਆਣਾ, ਤਰਸੇਮ ਮਾਨਵਾਲਾ, ਭਿੰਦਾ ਜੱਜਲ, ਸੁਖਮੰਦਰ ਸਿੰਘ ਜਗਾ ਆਦਿ ਆਗੂ ਮੌਜੂਦ ਸਨ।

### ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਬਦੀ ਦਾ ਇਨਸਾਫ ਨਾ ਮਿਲਣ 'ਤੇ

# ਸਿੱਖ ਜਥੇਬੰਦੀਆਂ ਵੱਲੋਂ ਤਿੱਖਾ ਸੰਘਰਸ਼ ਵਿੱਢਣ ਦੀ ਚੇਤਾਵਨੀ





**ਅੱਜ ਗੁਰਦੁਆਰਾ** ਸਾਰਾਗੜ੍ਹੀ ਸਾਹਿਬ ਵਿਖੇ ਸਮੂਹ ਸਿੱਖ ਜਥੇਬੰਦੀਆਂ ਵੱਲੋਂ ਭਰਵਾਂ ਇਕੱਠ ਕਰਕੇ ਪਿਛਲੇ ਦਿਨੀਂ ਬੰਡਾਲਾ ਨਗਰ ਵਿਖੇ ਗੁਰੂ ਗ੍ਰੰਥ ਸਾਹਿਬ ਜੀ ਦੀ ਹੋਈ ਬੇਅਦਬੀ ਦੇ ਮਾਮਲੇ ਵਿੱਚ ਵੀਚਾਰਾਂ ਕੀਤੀਆਂ ਉਪਰੰਤ ਪੁਲਿਸ ਪ੍ਰਸ਼ਾਸਨ ਨਾਲ ਮੀਟਿੰਗ ਕੀਤੀ ਅਤੇ ਇਨਸਾਫ਼ ਨਾ ਮਿਲਣ ਤੇ ਅਗਲੇ ਸੰਘਰਸ਼ ਦੀ ਚਿਤਾਵਨੀ ਵੀ ਦਿੱਤੀ ਗਈ।ਇਸ ਮੌਕੇ ਬੇਅਦਬੀ ਕਰਨ ਵਾਲੇ ਦੁਸ਼ਟ ਨੂੰ ਸੋਧਣ ਵਾਲੇ ਸਿੰਘਾਂ ਦੇ ਪ੍ਰੀਵਾਰਾਂ ਨੂੰ ਅੱਠੇ ਪਹਿਰ ਟਹਿਲ ਸੇਵਾ ਜਥੇਬੰਦੀ ਅਤੇ ਬਾਬਾ ਕੁਲਦੀਪ ਸਿੰਘ ਜੀ ਝਾੜ ਸਾਹਿਬ ਵਾਲਿਆਂ ਵੱਲੋਂ ਮਾਲੀ ਸਹਾਇਤਾ ਵੀ ਕੀਤੀ ਗਈ। ਇਸ ਮੌਕੇ ਇੰਟਰਨੈਸ਼ਨਲ ਪੰਥਕ ਦਲ, ਗੁਰੂ ਗ੍ਰੰਥ ਸਾਹਿਬ ਸਤਿਕਾਰ ਕਮੇਟੀ, ਅੱਠੇ ਪਹਿਰ ਟਹਿਲ ਸੇਵਾ ਸੁਸਾਇਟੀ, ਸਿੱਖ ਸਟੂਡੈਂਟਸ ਫੈਡਰੇਸ਼ਨ ਮਹਿਤਾ, ਏਕ ਨੂਰ ਖਾਲਸਾ ਫੌਜ ਅਤੇ ਹੋਰ ਜਥੇਬੰਦੀਆਂ ਦੇ ਆਗੂ ਸ਼ਾਮਲ ਸਨ ਜਿਨ੍ਹਾਂ ਵਿੱਚ ਬਾਬਾ ਸਤਨਾਮ ਸਿੰਘ ਵੱਲੀਆਂ ਪੰਜਾਬ ਪ੍ਰਧਾਨ ਧਾਰਮਿਕ ਵਿੰਗ ਇੰਟਰਨੈਸ਼ਨਲ ਪੰਥਕ ਦਲ, ਗੁਰੂ ਗ੍ਰੰਥ ਸਾਹਿਬ ਜੀ ਸਤਿਕਾਰ ਕਮੇਟੀ ਦੇ ਭਾਈ ਲਖਵੀਰ ਸਿੰਘ ਮਹਾਲਮ, ਭਾਈ ਅਮਰੀਕ ਸਿੰਘ ਅਜਨਾਲਾ, ਭਾਈ ਬਲਦੇਵ ਸਿੰਘ ਸਿਰਸਾ, ਭਾਈ ਗੁਰਪ੍ਰੀਤ ਸਿੰਘ ਆਨੰਦਪੁਰੀ, ਬਾਬਾ ਬੋਹੜ ਸਿੰਘ ਜੀ ਤੂਤਾਂ ਵਾਲੇ, ਬਾਬਾ ਕੁਲਦੀਪ ਸਿੰਘ ਜੀ ਝਾੜ ਸਾਹਿਬ ਵਾਲੇ, ਭਾਈ ਲਖਵੀਰ ਸਿੰਘ ਨੰਬਰਦਾਰ ਮਹਾਲਮ, ਭਾਈ ਜਸਪਾਲ ਸਿੰਘ, ਭਾਈ ਕੁਲਦੀਪ ਸਿੰਘ ਨੱਢਾ, ਭਾਈ ਮਲਕੀਤ ਸਿੰਘ ਸ਼ਾਮ ਸਿੰਘ ਵਾਲਾ ਜ਼ਿਲ੍ਹਾ ਪ੍ਰਧਾਨ ਧਾਰਮਿਕ ਵਿੰਗ, ਸਾਹਿਬ ਸਿੰਘ ਇਕਾਈ ਪ੍ਰਧਾਨ ਜੰਗਾਂ ਵਾਲਾ ਮੋੜ, ਭਾਈ ਗੁਰਚਰਨ ਸਿੰਘ ਇਕਾਈ ਪ੍ਰਧਾਨ ਕਾਲਾ ਟਿੱਬਾ, ਬਾਬਾ ਪ੍ਰਤਾਪ ਸਿੰਘ ਜੀ ਅਤੇ ਗੁਰਦੁਆਰਾ ਸ਼ਾਮ ਸਿੰਘ ਅਟਾਰੀ ਦੇ ਸੇਵਾਦਾਰਾਂ ਸਮੇਤ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।

# ਰਵਨੀਤ ਸਿੰਘ ਬਿੱਟੂ ਦੇ ਕੇਂਦਰੀ ਰਾਜ ਮੰਤਰੀ ਵਜੋਂ ਰੇਲਵੇ ਵਿਭਾਗ ਵਿੱਚ ਅਹੁੱਦਾ ਸੰਭਾਲਣ ਤੇ ਹਠੂਰ ਵਿੱਚ ਵਰਕਰਾਂ ਨੇ ਵੰਡੇ



ਹਠੂਰ/ਜਗਰਾਉਂ -(ਵਰਿਆਮ ਹਠੂਰ) ਰਵਨੀਤ ਸਿੰਘ ਬਿੱਟੂ ਦੇ ਕੇਂਦਰੀ ਰਾਜ ਮੰਤਰੀ ਵਜੋਂ ਰੇਲਵੇ ਵਿਭਾਗ ਵਿੱਚ ਅਹੁੱਦਾ ਸੰਭਾਲਣ ਤੇ ਇਤਿਹਾਸਕ ਕਸਬਾ ਹਠੂਰ ਵਿੱਚ ਬੀ ਜੇ ਪੀ ਦੇ ਮੰਡਲ ਹਠੂਰ ਤੋਂ ਸਾਬਕਾ ਜਨਰਲ ਸਕੱਤਰ ਗੁਰਜੰਟ ਸਿੰਘ ਹਠੂਰ ਨੇ ਵਰਕਰਾਂ ਨੂੰ ਇਕੱਤਰ ਕਰਕੇ ਲੱਡੂ ਵੰਡ ਕੇ ਖੁਸ਼ੀ ਸਾਂਝੀ ਕੀਤੀ, ਇਸ ਮੌਕੇ ਗੱਲਬਾਤ ਕਰਦਿਆਂ ਮੰਡਲ ਹਠੂਰ ਤੋਂ ਸਾਬਕਾ ਜਨਰਲ ਸਕੱਤਰ ਗੁਰਜੰਟ ਸਿੰਘ ਹਠੂਰ ਨੇ ਕਿਹਾ ਕਿ ਰਵਨੀਤ ਸਿੰਘ ਬਿੱਟੂ ਨੂੰ ਕੈਬਨਿਟ ਵਿੱਚ ਲੈਣ ਤੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਜੀ ਅਤੇ ਸੀਨੀਅਰ ਨੇਤਾ ਅਮਿਤ ਸ਼ਾਹ ਜੀ ਦਾ ਧੰਨਵਾਦ, ਜਿੰਨ੍ਹਾਂ ਨੇ ਰਵਨੀਤ ਸਿੰਘ ਬਿੱਟੂ ਨੂੰ ਮੰਤਰੀ ਮੰਡਲ ਵਿੱਚ ਲਿਆ ਜਿਸ ਨਾਲ ਹਰ ਪਾਸੇ ਬੀ ਜੇ ਪੀ ਦੇ ਆਗੂਆਂ ਅਤੇ ਵਰਕਰਾਂ ਵਿੱਚ ਖੁਸ਼ੀ ਦੀ ਲਹਿਰ ਹੈ। ਗੁਰਜੰਟ ਸਿੰਘ ਹਠੂਰ ਨੇ ਕਿਹਾ ਕਿ ਸ: ਰਵਨੀਤ ਸਿੰਘ ਬਿੱਟੂ ਦੇ ਕੇਂਦਰੀ ਰਾਜ ਮੰਤਰੀ ਵਜੋਂ ਰੇਲਵੇ ਵਿਭਾਗ ਵਿੱਚ ਅਹੁੱਦਾ ਸੰਭਾਲਣ ਤੇ ਲੱਡੂ ਵੰਡ ਕੇ ਖੁਸ਼ੀ ਸਾਂਝੀ ਕੀਤੀ ਗਈ ਹੈ। ਤੇ ਅਸੀਂ ਉਮੀਦ ਕਰਦੇ ਹਾਂ ਕਿ ਸ: ਰਵਨੀਤ ਸਿੰਘ ਬਿੱਟੂ ਆਪਣੀ ਜ਼ਿੰਮੇਵਾਰੀ ਨਿਭਾਉਣ ਲਈ ਪੂਰੇ ਖਰੇ ਉੱਤਰਨਗੇ, ਅਸੀਂ ਸੀਨੀਅਰ ਲੀਡਰਸ਼ਿਪ ਨਾਲ ਮਿਲ ਕੇ ਮਿਹਨਤ ਕਰਾਂਗੇ ਤੇ ਭਾਜਪਾ ਸਰਕਾਰ ਦੀਆਂ ਨੀਤੀਆਂ ਅਤੇ ਹੋਰ ਲਾਹੇਵੰਦ ਸਕੀਮਾਂ ਤੋਂ ਪਬਲਿਕ ਨੂੰ ਚਾਨਣਾ ਪਾਵਾਂਗੇ ਅਤੇ ਬੀ.ਜੇ.ਪੀ ਪਰਿਵਾਰ ਵਿੱਚ ਵਾਧਾ ਕਰਾਂਗੇ, ਗੁਰਜੰਟ ਸਿੰਘ ਹਠੂਰ ਨੇ ਅੱਗੇ ਕਿਹਾ ਕਿ ਪੰਜਾਬ ਵਿੱਚ ਬੀ ਜੇ ਪੀ ਦਾ ਆਉਣ ਵਾਲੇ ਸਮੇਂ ਵਿੱਚ ਵੱਡਾ ਪਰਿਵਾਰ ਹੋਵੇਗਾ, ਤੇ ਅਗਲੀਆਂ ਚੋਣਾਂ ਮੌਕੇ ਪੰਜਾਬ ਵਿੱਚ ਬੀ ਜੇ ਪੀ ਦੀ ਸਰਕਾਰ ਹੋਵੇਗੀ, ਅੰਤ ਵਿੱਚ ਉਨ੍ਹਾਂ ਕਿਹਾ ਕਿ ਅਸੀਂ ਕੇਂਦਰੀ ਮੰਤਰੀ ਸ: ਰਵਨੀਤ ਸਿੰਘ ਬਿੱਟੂ ਨੂੰ ਰੇਲਵੇ ਵਿਭਾਗ ਵਿੱਚ ਅਹੁੱਦਾ ਸੰਭਾਲਣ ਤੇ ਮੁਬਾਰਕਬਾਦ ਦਿੰਦੇਂ ਹਾਂ, ਇਸ ਮੌਕੇ ਅਨੇਕਾਂ ਬੀ ਜੇ ਪੀ ਨੂੰ ਸਪੋਟ ਕਰਨ ਵਾਲੇ ਨੌਜਵਾਨ ਅਤੇ ਹੋਰ ਹਾਜ਼ਰ ਸਨ।

# ਗੁਰਸਿੱਖ ਨੌਜਵਾਨ ਨੂੰ ਖਾਲਿਸਤਾਨੀ ਕਹਿ ਕੇ ਲਹੂ ਲਹਾਣ ਕਰਨ ਵਾਲਿਆਂ ਨੂੰ ਫਾਸੀ ਦਿੱਤੀ ਜਾਵੇ ਅਮਰੀਕ ਸਿੰਘ ਕਿਲਾ ਹਕੀਮਾਂ



ਸੇਰਪੁਰ ( ਰਣਜੀਤ ਸਿੰਘ ਪੇਧਨੀ ) ਹਰਿਆਣਾ ਵਿੱਚ ਇੱਕ ਸਿੱਖ ਨੌਜਵਾਨ ਨੂੰ ਖਾਲਿਸਤਾਨੀ ਕਹਿ ਕੇ ਇੱਟਾਂ ਨਾਲ ਮਾਰ ਕੇ ਲਹੂ ਲਹਾਣ ਕੀਤਾ ਗਿਆ, ਜਿਸ ਦੀ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਸਖਤ ਸਭ ਦਾ ਵਿੱਚ ਨਿੰਦਾ ਕਰਦਾ ਹੈ ਅਤੇ ਮੰਗ ਕਰਦੇ ਹਾਂ ਕਿ ਇਸ ਤਰ੍ਹਾਂ ਦੀ ਹਰਕਤ ਕਰਨ ਵਾਲਿਆਂ ਨੂੰ ਫਾਸੀ ਦੀ ਸਜਾ ਦਿੱਤੀ ਜਾਵੇ ਤਾਂ ਕੋਈ ਹੋਰ ਅੱਗੇ ਤੋਂ ਇਸ ਤਰ੍ਹਾਂ ਦੀ ਹਰਕਤ ਨਾ ਕਰ ਸਕੇ । ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਯੂਥ ਆਗੂ ਅਮਰੀਕ ਸਿੰਘ ਕਿਲਾ ਹਕੀਮਾਂ ਨੇ ਕੀਤਾ। ਉਹਨਾਂ ਕਿਹਾ ਕਿ ਦੇਸ਼ ਦੀਆਂ ਹਕੂਮਤ ਸਰਕਾਰਾਂ ਇਹ ਭੁੱਲ ਚੁੱਕੀਆਂ ਹਨ ਕਿ ਦੇਸ਼ ਦੀ ਆਜ਼ਾਦੀ ਵਿੱਚ ਸਭ ਤੋਂ ਵੱਧ ਯੋਗਦਾਨ ਸਿੱਖ ਕੌਮ ਦਾ ਹੈ ਜੇਕਰ ਸਿੱਖ ਨੌਜਵਾਨਾਂ ਦੇ ਨਾਲ ਇਸੇ ਤਰ੍ਹਾਂ ਹੀ ਹੁੰਦਾ ਰਿਹਾ ਤਾਂ ਆਉਣ ਵਾਲੇ ਸਮੇਂ ਵਿੱਚ ਸਿੱਖ ਨੌਜਵਾਨ ਇੱਟ ਦਾ ਜਵਾਬ ਪੱਥਰ ਨਾਲ ਦੇਣਗੇ। ਉਹਨਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਪ੍ਰਧਾਨ ਸ, ਸਿਮਰਨਜੀਤ ਸਿੰਘ ਮਾਨ ਸਾਬਕਾ ਮੈਂਬਰ ਪਾਰਲੀਮੈਂਟ ਲੋਕ ਸਭਾ ਹਲਕਾ ਸੰਗਰੂਰ ਖਾਲਿਸਤਾਨ ਦਾ ਕੇਸ ਸੁਪਰੀਮ ਕੋਰਟ ਵਿੱਚੋਂ ਜਿੱਤ ਚੁੱਕੇ ਹਨ। ਸਿੱਖਾਂ ਨੂੰ ਖਾਲਿਸਤਾਨ ਦੀ ਮੰਗ ਕਰਨ ਦਾ ਪੂਰਾ ਅਧਿਕਾਰ ਹੈ ਪਰ ਹਰਿਆਣਾ ਵਿੱਚ ਬੀਜੇਪੀ ਦੀ ਸਰਕਾਰ ਹੋਣ ਕਰਕੇ ਸਿੱਖ ਨੌਜਵਾਨ ਸੇਫ ਨਹੀਂ ਹਨ ਸਰਕਾਰ ਨੂੰ ਚਾਹੀਦਾ ਹੈ ਕਿ ਇਸ ਤਰ੍ਹਾਂ ਦੀਆਂ ਕੋਝੀਆਂ ਚਾਲਾਂ ਬੰਦ ਕੀਤੀਆਂ ਜਾਣ ਤਾਂ ਜੋ ਅਮਨ ਸ਼ਾਂਤੀ ਬਹਾਲ ਰਹੇ।

# ਮੁੱਖ ਮੰਤਰੀ ਵੱਲੋਂ ਕਿਸਾਨਾਂ ਨੂੰ ਝੋਨਾ ਲਾਉਣ ਦੇ ਲਈ ਨਹਿਰੀ ਪਾਣੀ ਦੇਣ ਦਾ ਫੈਸਲਾ ਬਹੁਤ ਹੀ ਸ਼ਲਾਘਾਯੋਗ ਆਪ ਆਗੂ



**ਧੂਰੀ, (ਰਣਜੀਤ ਸਿੰਘ ਪੇਧਨੀ)**-ਪੰਜਾਬ ਦੇ ਮੁੱਖ ਮੰਤਰੀ ਸ, ਭਗਵੰਤ ਸਿੰਘ ਮਾਨ ਵੱਲੋਂ ਝੋਨੇ ਦੀ ਬਿਜਾਈ ਨੂੰ ਦੇਖਦਿਆਂ ਹੋਇਆਂ ਪੰਜਾਬ ਦੇ ਕਿਸਾਨਾਂ ਦੇ ਲਈ ਆਮ ਬਿਜਲੀ ਅਤੇ ਆਮ ਨਹਿਰੀ ਪਾਣੀ ਦੇਣ ਦਾ ਵਾਅਦਾ ਪੂਰਾ ਕਰਨ ਦੇ ਲਈ ਸ੍ਰੀ ਮੁਕਤਸਰ ਸਾਹਿਬ , ਫਾਜਿਲਕਾ , ਫਿਰੋਜ਼ਪੁਰ , ਫਰੀਦਕੋਟ , ਬਠਿੰਡਾ , ਮਾਨਸਾ ਜਿਲਿਆਂ ਤੱਕ ਨਹਿਰੀ ਪਾਣੀ ਪਹੁੰਚਾਉਣ ਦਾ ਫੈਸਲਾ ਮਾਨ ਸਰਕਾਰ ਦਾ ਬਹੁਤ ਹੀ ਸਲਾਂਘਾਯੋਗ ਫੈਸਲਾ ਹੈ, ਜਿਸ ਦੀ ਹਰ ਵਰਗ ਸਲਾਂਘਾ ਕਰ ਰਿਹਾ ਹੈ । ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਆਪ ਦੇ ਸੀਨੀਅਰ ਆਗੂ ਰਣਜੀਤ ਸਿੰਘ ਧੰਦੀਵਾਲ ਸੰਭਾਵੀ ਉਮੀਦਵਾਰ ਬਲਾਕ ਸੰਮਤੀ ਜੋਨ ਧੰਦੀਵਾਲ , ਸਰਪੰਚ ਗੁਰਦੀਪ ਸਿੰਘ ਸੁਲਤਾਨਪੁਰ, ਸਰਪੰਚ ਲਖਵੀਰ ਸਿੰਘ ਧੰਦੀਵਾਲ, ਸਰਪੰਚ ਕੁਲਦੀਪ ਸਿੰਘ ਬਾਲੀਆਂ ਨੇ ਕੀਤਾ । ਆਗੂਆਂ ਨੇ ਕਿਹਾ ਹੈ ਕਿ ਇਹ 70 ਸਾਲਾਂ ਦੇ ਵਿੱਚ ਪਹਿਲੀ ਵਾਰ ਹੋਇਆ ਹੋ ਰਿਹਾ ਹੈ ਕਿ ਮੁੱਖ ਮੰਤਰੀ ਨੇ ਚੋਣਾਂ ਦੌਰਾਨ ਕੀਤੇ ਹੋਏ ਵਾਅਦਿਆਂ ਨੂੰ ਸਿਰਫ ਦੋ ਸਾਲਾਂ ਵਿੱਚ ਹੀ ਪੂਰਾ ਕਰਕੇ ਦਿਖਾ ਦਿੱਤਾ ਹੈ। ਆਗੂਆਂ ਨੇ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਪੰਜਾਬ ਦੇ ਮੁੱਖ ਮੰਤਰੀ ਸ, ਭਗਵੰਤ ਸਿੰਘ ਮਾਨ ਵੱਲੋਂ ਹਲਕੇ ਦੀ ਨੁਹਾਰ ਬਦਲਣ ਦੇ ਲਈ ਗਰਾਂਟਾਂ ਦੇ ਗੱਫੇ ਦੇ ਕੇ ਪਿੰਡਾਂ ਅਤੇ ਸ਼ਹਿਰਾਂ ਦੀ ਨੁਹਾਰ ਬਦਲ ਕੇ ਧੂਰੀ ਹਲਕੇ ਨੂੰ ਪੰਜਾਬ ਵਿੱਚੋਂ ਪਹਿਲੇ ਨੰਬਰ ਤੇ ਲੈ ਕੇ ਆਉਣ ਲਈ ਬਚਨਵੱਧ ਹਨ।

### ਇਸ ਸਮੇਂ ਅਨੇਕਾਂ ਪ੍ਰਾਣੀਆਂ ਨੇ ਅੰਮ੍ਰਿਤ ਪਾਨ ਕੀਤਾ

# ਖਿਆਲਾ ਚੌਂਕ ਛਾਉਣੀ ਨਿਹੰਗ ਸਿੰਘਾਂ ਵਿਖੇ ਸਾਲਾਨਾ ਜੋੜ ਮੇਲਾ ਮਨਾਇਆ



**ਚੌਂਕ ਮਹਿਤਾ, 11 ਜੂਨ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੇ ਪ੍ਰਕਾਸ਼ ਦਿਹਾੜੇ ਦੇ ਸਬੰਧ ਵਿੱਚ ਸਾਲਾਨਾ ਜੋੜ ਮੇਲਾ ਚਰਨ ਛੋਹ ਪ੍ਰਾਪਤ ਗੁਰਦੁਆਰਾ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਖਿਆਲਾ ਚੌਂਕ, ਛਾਉਣੀ ਅਤੇ ਹੈੱਡ ਆਫਿਸ ਸ਼੍ਰੋਮਣੀ ਪੰਥ ਅਕਾਲੀ ਦਲ ਖਾਲਸਾ, ਰਾਮ ਤੀਰਥ ਰੋਡ ਵਿਖੇ ਦਲ ਪੰਥ ਦੇ ਮੁਖੀ ਸਿੰਘ ਸਾਹਿਬ ਜਥੇ. ਬਾਬਾ ਤਰਲੋਕ ਸਿੰਘ ਭੰਗੂ ਖਿਆਲੇ ਵਾਲਿਆਂ ਦੀ ਸਰਪ੍ਰਸਤੀ ਹੇਠ ਬੜੀ ਸ਼ਰਧਾ ਭਾਵਨਾ ਸਹਿਤ ਮਨਾਇਆ ਗਿਆ ।ਇਲਾਕੇ ਦੀਆਂ ਵੱਖ-ਵੱਖ ਸੰਗਤਾਂ ਵੱਲੋਂ ਰਖਵਾਏ ਗਏ 11 ਅਖੰਡ ਪਾਠਾਂ ਦੇ ਭੋਗ ਪਾਏ ਗਏ। ਉਪਰੰਤ ਜਥੇ. ਬਾਬਾ ਤਰਲੋਕ ਸਿੰਘ ਖਿਆਲੇ ਵਾਲਿਆਂ ਵੱਲੋਂ ਸੰਗਤਾਂ ਨਾਲ ਗੁਰਮਤਿ ਵਿਚਾਰਾਂ ਦੀ ਸਾਂਝ ਪਾਈ ਗਈ ਅਤੇ ਦਲ ਪੰਥ ਦੇ ਕੀਰਤਨੀ ਜਥੇ ਵੱਲੋਂ ਕੀਰਤਨ ਕੀਤਾ ਗਿਆ। ਸਜਾਏ ਗਏ ਭਾਰੀ ਦੀਵਾਨ ਵਿੱਚ ਢਾਡੀ ਜਥਾ ਭਾਈ ਗੁਰਭੇਜ ਸਿੰਘ ਚਵਿੰਡਾ, ਕਵੀਸ਼ਰੀ ਜਥਾ ਭਾਈ ਸੁਖਪ੍ਰੀਤ ਸਿੰਘ ਬਟਾਲਾ ਸਮੇਤ ਸਿੱਖ ਪੰਥ ਦੇ ਪ੍ਰਸਿੱਧ ਰਾਗੀ, ਕਥਾਵਾਚਕ, ਢਾਡੀ ਅਤੇ ਕਵੀਸ਼ਰੀ ਜਥਿਆਂ ਨੇ ਹਾਜ਼ਰੀਆਂ ਭਰਕੇ ਸੰਗਤਾਂ ਨੂੰ ਗੁਰ ਇਤਿਹਾਸ ਤੇ ਗੁਰਬਾਣੀ ਨਾਲ ਜੋੜਿਆ । ਇਸ ਮੌਕੇ ਦਲ ਪੰਥ ਵੱਲੋਂ ਤਿਆਰ ਕੀਤਾ ਖੰਡੇ ਬਾਟੇ ਦਾ ਅੰਮ੍ਰਿਤ ਅਨੇਕਾਂ ਪ੍ਰਾਣੀਆਂ ਨੇ ਛਕਿਆ ਅਤੇ ਗੁਰੂ ਵਾਲੇ ਬਣੇ ।ਸਟੇਜ ਸਕੱਤਰ ਦੀ ਭੂਮਿਕਾ ਗਿਆਨੀ ਕਾਬਲ ਸਿੰਘ ਲੱਖੂਵਾਲ ਵੱਲੋਂ ਬਾਖੂਬੀ ਨਿਭਾਈ ਗਈ। ਜੋੜ ਮੇਲੇ ਸਮੇਂ ਵੱਖ-ਵੱਖ ਦਲਾਂ ਦੇ ਜਥੇਦਾਰ ਬਾਬਾ ਜੋਗਾ ਸਿੰਘ ਮੁਖੀ ਬਾਬਾ ਬਕਾਲਾ ਸਾਹਿਬ, ਬਾਬਾ ਅਵਤਾਰ ਸਿੰਘ ਸੁਰ ਸਿੰਘ ਵਾਲੇ, ਬਾਬਾ ਮਾਣਕ ਸਿੰਘ ਝਾੜ ਸਾਹਿਬ ਵਾਲੇ, ਸੰਤ ਸਮਾਜ ਦੇ ਮੁਖੀ ਬਾਬਾ ਹਰਨਾਮ ਸਿੰਘ ਖਾਲਸਾ ਵੱਲੋਂ ਜਥੇ. ਬੋਹੜ ਸਿੰਘ, ਬਾਬਾ ਸੁੱਚ ?ਾ ਸਿੰਘ ਆਨੰਦਗੜ ਵਾਲੇ, ਬਾਬਾ ਅਮਰੀਕ ਸਿੰਘ ਛੀਨਿਆਂ ਵਾਲੇ, ਸੰਤ ਕਰਮ ਸਿੰਘ ਭੌਵਾਲ, ਬਾਬਾ ਬੂਆ ਸਿੰਘ ਝੰਡਾ ਸ਼ਹੀਦ, ਬਾਬਾ ਮਹਿੰਦਰ ਸਿੰਘ ਚੋਗਾਵਾਂ ਵਾਲੇ, ਜਥੇ.ਗੁਰਮੇਜ ਸਿੰਘ ਸ਼ਹੂਰਾ, ਬਾਬਾ ਰਾਜਨ ਸਿੰਘ ਮੌੜੇ, ਐਡੀਸ਼ਨਲ ਜੱਜ ਨਰੇਸ਼ ਮੋਦਗਿੱਲ, ਜਥੇ.ਬਾਬਾ ਰਵੇਲ ਸਿੰਘ ਚੋਗਾਵਾਂ, ਜਥੇ. ਗੁਰਦਿਆਲ ਸਿੰਘ ਚੱਕ ਮਿਸ਼ਰੀ ਖਾਂ, ਭਾਈ ਕਰਨਜੀਤ ਸਿੰਘ ਭੋਲਾ, ਬਾਬਾ ਜੋਗਿੰਦਰ ਸਿੰਘ ਲੋਪੋਕੇ, ਬਾਬਾ ਪੰਜਾਬ ਸਿੰਘ ਸਮੇਤ ਵੱਖ-ਵੱਖ ਨਿਹੰਗ ਸਿੰਘ ਜਥੇਬੰਦੀਆਂ ਦੇ ਆਗੂਆਂ, ਜਥੇਦਾਰਾਂ, ਇਲਾਕੇ ਦੇ ਪੰਚਾਂ, ਸਰਪੰਚਾਂ ਅਤੇ ਮੁਹਤਬਰ ਵਿਅਕਤੀਆਂ ਨੇ ਵਿਸ਼ੇਸ਼ ਤੌਰ ਤੇ ਹਾਜ਼ਰੀ ਭਰੀ। ਸ਼ਾਮ ਨੂੰ ਨਿਹੰਗ ਸਿੰਘ ਫੌਜਾਂ ਵੱਲੋਂ ਖਾਲਸੇ ਦੀਆਂ ਰਿਵਾਇਤੀ ਖੇਡਾਂ ਘੋੜ ਦੌੜ, ਗਤਕੇਬਾਜੀ, ਨੇਜੇਬਾਜੀ ਤੇ ਤਲਵਾਰਬਾਜੀ ਦੇ ਜੌਹਰ ਵਿਖਾਏ ਗਏ ।ਗੁਰੂ ਜੀ ਲੰਗਰ ਅਤੁੱਟ ਵਰਤਾਏ ਗਏ ਅਤੇ ਖਿਆਲਾ ਅੱਡੇ ਦੇ ਸਮੂਹ ਦੁਕਾਨਦਾਰਾਂ ਵੱਲੋਂ ਠੰਢੇ ਮਿੱਠੇ ਜਲ ਦੀਆਂ ਛਬੀਲਾਂ ਲਗਾਈਆਂ ਗਈਆਂ ।ਜੋੜਿਆਂ ਦੀ ਸੇਵਾ ਸੇਵਕ ਸਭਾ ਭੁੱਲਰ ਵੱਲੋਂ ਕੀਤੀ ਗਈ। ਇਸ ਮੌਕੇ ਹਾਜ਼ਰੀ ਭਰਨ ਵਾਲੀਆਂ ਪ੍ਰਮੁੱਖ ਸਖਸ਼ੀਅਤਾਂ ਨੂੰ ਜਥੇ.ਬਾਬਾ ਤਰਲੋਕ ਸਿੰਘ ਭੰਗੂ, ਬਾਬਾ ਸੁਖਦੇਵ ਸਿੰਘ ਭੰਗੂ ਤੇ ਬਾਬਾ ਸਰਵਨ ਸਿੰਘ ਭੰਗੂ ਵੱਲੋਂ ਸਨਮਾਨਿਤ ਕਰਦਿਆਂ ਹੋਇਆਂ ਆਈਆਂ ਹੋਈਆਂ ਸੰਗਤਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ ਗਿਆ।

### ਭਾਕਿਯੂ ਏਕਤਾ ਡਕੌਂਦਾ ਵੱਲੋਂ ਐਸ.ਐਸ.ਪੀ ਫਿਰੋਜ਼ਪੁਰ ਦਾ

# 14 ਜੂਨ ਨੂੰ ਕੀਤਾ ਜਾਣ ਵਾਲਾ ਘਿਰਾਓ ਮੁਲਤਵੀ : ਮਨਜੀਤ ਧਨੇਰ



**ਫ਼ਿਰੋਜ਼ਪੁਰ, 11 ਜੂਨ (ਮਨੋਹਰ ਲਾਲ) :—** ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਵੱਲੋਂ ਸੂਬਾ ਜਨਰਲ ਸਕੱਤਰ ਹਰਨੇਕ ਸਿੰਘ ਮਹਿਮਾ ਦੀ ਰਿਹਾਈ ਲਈ 14 ਜੂਨ ਨੂੰ ਐਸ.ਐਸ.ਪੀ ਫਿਰੋਜ਼ਪੁਰ ਦੇ ਘਿਰਾਓ ਦਾ ਸੱਦਾ ਦਿੱਤਾ ਹੋਇਆ ਸੀ। ਇਸ ਸੰਘਰਸ਼ ਸੱਦੇ ਦੇ ਚਲਦਿਆਂ ਅੱਜ ਜਥੇਬੰਦੀ ਨੂੰ ਐਸ.ਐਸ.ਪੀ ਫਿਰੋਜ਼ਪੁਰ ਵੱਲੋਂ ਗੱਲਬਾਤ ਲਈ ਬੁਲਾਇਆ ਗਿਆ ਸੀ ।ਗੱਲਬਾਤ ਵਿੱਚ ਸੂਬਾ ਪ੍ਰਧਾਨ ਮਨਜੀਤ ਧਨੇਰ, ਸੀਨੀਅਰ ਮੀਤ ਪ੍ਰਧਾਨ ਗੁਰਦੀਪ ਰਾਮਪੁਰਾ, ਜ਼ਿਲ੍ਹਾ ਪ੍ਰਧਾਨ ਜੰਗੀਰ ਸਿੰਘ ਖਹਿਰਾ, ਜਨਰਲ ਸਕੱਤਰ ਗੁਲਜ਼ਾਰ ਸਿੰਘ ਕੱਬਰਵੱਛਾ, ਮੀਤ ਪ੍ਰਧਾਨ ਦਰਸ਼ਨ ਸਿੰਘ ਕੜਮਾ ਸ਼ਾਮਿਲ ਹੋਏ ।ਮੀਟਿੰਗ ਉਪਰੰਤ ਜਾਣਕਾਰੀ ਦਿੰਦਿਆਂ ਗੁਰਦੀਪ ਰਾਮਪੁਰਾ ਨੇ ਦੱਸਿਆ ਕਿ ਸਾਡੇ ਸੂਬਾ ਜਨਰਲ ਸਕੱਤਰ ਹਰਨੇਕ ਸਿੰਘ ਮਹਿਮਾ ਨੂੰ 8 ਸਾਲ ਪੁਰਾਣੇ ਇੱਕ ਝੂਠੇ ਕੇਸ ਅਤੇ ਇੱਕ ਮਾਈਨਿੰਗ ਦੇ ਕੇਸ ਵਿੱਚ ਜੇਲ੍ਹ ਦੀਆਂ ਸਲਾਖਾਂ ਪਿੱਛੇ ਕੈਦ ਕੀਤਾ ਹੋਇਆ ਹੈ ਅਤੇ ਉਨ੍ਹਾਂ ਅੱਗੇ ਦੱਸਿਆ ਕਿ ਐਸ.ਕੇ.ਐਮ ਦੇ ਸੱਦੇ ਅਨੁਸਾਰ 18ਵੀਆਂ ਲੋਕ ਸਭਾ ਚੋਣਾਂ ਦੌਰਾਨ ਭਾਜਪਾ ਉਮੀਦਵਾਰਾਂ ਨੂੰ ਭਾਜਪਾ ਹਰਾਓ, ਕਾਰਪੋਰੇਟ ਭਜਾਓ, ਦੇਸ਼ ਬਚਾਓ ਦੇ ਸੱਦੇ ਅਨੁਸਾਰ ਸਮੁੱਚੇ ਪੰਜਾਬ ਵਿੱਚ 11 ਸੂਤਰੀ ਸਵਾਲਨਾਮਾ ਦੇ ਤਹਿਤ ਸਵਾਲ ਪੁੱਛਣ ਦਾ ਸਿਲਸਿਲਾ ਚੱਲ ਰਿਹਾ ਸੀ। ਉਨ੍ਹਾਂ ਕਿਹਾ ਕਿ ਫਿਰੋਜ਼ਪੁਰ ਤੋਂ ਭਾਜਪਾ ਦੇ ਉਮੀਦਵਾਰ ਰਾਣਾ ਗੁਰਮੀਤ ਸੋਢੀ ਨੂੰ ਹਰਨੇਕ ਸਿੰਘ ਮਹਿਮਾ ਦੀ ਅਗਵਾਈ ਹੇਠ ਥਾਂ—ਥਾਂ ਸਵਾਲ ਪੁੱਛਣ ਦਾ ਦੌਰ ਚੱਲ ਰਿਹਾ ਸੀ, ਕਿ 10 ਮਈ ਵੀ ਤਿੰਨ ਥਾਵਾਂ ਤੇ ਸਵਾਲ ਪੁੱਛਣ ਲਈ ਕਿਸਾਨ ਇਕੱਠੇ ਹੋਏ, ਸਾਰੇ ਕਿਸਾਨ ਆਗੂਆਂ ਨੂੰ ਗ੍ਰਿਫ਼ਤਾਰ ਕਰਕੇ ਦੇਰ ਰਾਤ ਤੱਕ ਪੁੱਜ ਕੇ ਖੱਜਲ ਖੁਆਰ ਕਰਨ ਉਪਰੰਤ ਛੱਡ ਦਿੱਤਾ ਗਿਆ, ਪਰ ਹਰਨੇਕ ਸਿੰਘ ਮਹਿਮਾ ਨੂੰ ਚਲਦੇ ਸੰਘਰਸ਼ਾਂ ਦੌਰਾਨ ਦਰਜ਼ ਕੀਤੇ ਪੁਰਾਣੇ ਕੇਸਾਂ ਵਿੱਚ ਫੜ੍ਹਕੇ ਜੇਲ੍ਹ ਦੀਆਂ ਸਲਾਖਾਂ ਪਿੱਛੇ ਕੈਦ ਕੀਤਾ ਹੋਇਆ ਹੈ। ਇਸ ਨਾਲ ਭਾਜਪਾਈ ਅਤੇ ਜਮਹੂਰੀਅਤ ਦਾ ਢੰਡੋਰਾ ਪਿੱਟਣ ਵਾਲੀ ਆਮ ਆਦਮੀ ਪਾਰਟੀ ਦੀ ਮਿਲੀਭੁਗਤ ਵੀ ਜੱਗ ਜ਼ਾਹਰ ਹੋ ਗਈ ਹੈ। ਉਨ੍ਹਾਂ ਕਿਹਾ ਕਿ ਜਥੇਬੰਦੀ ਦਾ ਇਹ ਫੈਸਲਾ ਹੈ ਕਿ ਹਕੂਮਤ ਦੇ ਹਰ ਜਬਰ ਦਾ ਟਾਕਰਾ ਜਥੇਬੰਦਕ ਸੰਘਰਸ਼ ਨੂੰ ਤੇਜ਼ ਅਤੇ ਵਿਸ਼ਾਲ ਕਰਕੇ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ 17 ਮਈ ਨੂੰ ਐਸ.ਐਸ.ਪੀ ਫਿਰੋਜ਼ਪੁਰ ਦੇ ਦਫ਼ਤਰ ਅੱਗੇ ਵਿਸ਼ਾਲ ਧਰਨਾ ਦੇ ਕੇ ਸੰਘਰਸ਼ੀਲ ਕਾਫ਼ਲਿਆਂ ਨੂੰ ਦਹਿਸ਼ਤਜ਼ਦਾ ਕਰਨ ਦੀ ਸਾਜ਼ਿਸ਼ ਚਕਨਾਚੂਰ ਕਰਦਿਆਂ ਹਰਨੇਕ ਸਿੰਘ ਮਹਿਮਾ ਨੂੰ ਰਿਹਾਅ ਕਰਨ ਦੀ ਮੰਗ ਕੀਤੀ ਸੀ। ਹੁਣ ਸੂਬਾ ਕਮੇਟੀ ਨੇ ਇਸ ਸੰਘਰਸ਼ ਨੂੰ ਤੇਜ਼ ਕਰਦਿਆਂ 14 ਜੂਨ ਨੂੰ ਐਸ.ਐਸ.ਪੀ ਫਿਰੋਜ਼ਪੁਰ ਦੇ ਦਫ਼ਤਰ ਦਾ ਘਿਰਾਓ ਕਰਨ ਦਾ ਫ਼ੈਸਲਾ ਕੀਤਾ ਸੀ, ਜਿਸ ਦੀਆਂ ਤਿਆਰੀਆਂ ਪੂਰੇ ਜ਼ੋਰਾਂ ਤੇ ਚੱਲ ਰਹੀਆਂ ਸਨ ।ਉਨ੍ਹਾਂ ਕਿਹਾ ਕਿ ਐਸ.ਐਸ.ਪੀ ਫਿਰੋਜ਼ਪੁਰ ਵੱਲੋਂ ਜਥੇਬੰਦੀ ਨੂੰ ਵਿਸ਼ਵਾਸ ਦਿਵਾਇਆ ਗਿਆ ਹੈ ਕਿ ਹਰਨੇਕ ਸਿੰਘ ਮਹਿਮਾ ਦੀ ਜਲਦ ਰਿਹਾਈ ਲਈ ਸੰਜੀਦਾ ਯਤਨ ਤੇਜ਼ ਕੀਤੇ ਜਾਣਗੇ, ਇਸ ਕਰਕੇ ਸੂਬਾ ਕਮੇਟੀ ਨੇ ਐਸ.ਐਸ.ਪੀ ਫਿਰੋਜ਼ਪੁਰ ਦੇ ਘਿਰਾਓ ਨੂੰ ਇੱਕ ਹਫ਼ਤੇ ਲਈ ਮੁਲਤਵੀ ਕੀਤਾ ਗਿਆ ਹੈ। ਇਸ ਸਮੇਂ ਜ਼ਿਲ੍ਹਾ ਪ੍ਰਧਾਨ ਜੰਗੀਰ ਸਿੰਘ ਖਹਿਰਾ ਨੇ ਕਿਹਾ ਕਿ ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਦੇ ਸੂਬਾ ਜਨਰਲ ਸਕੱਤਰ ਹਰਨੇਕ ਸਿੰਘ ਮਹਿਮਾ ਨੂੰ ਬਦੀ ਦੀਆਂ ਤਾਕਤਾਂ ਬਹੁਤੇ ਦੇਰ ਜੇਲ੍ਹ ਦੀਆਂ ਸਲਾਖਾਂ ਪਿੱਛੇ ਕੈਦ ਨਹੀਂ ਰੱਖ ਸਕਣਗੀਆਂ ਅਤੇ ਹਰਨੇਕ ਸਿੰਘ ਮਹਿਮਾ ਜਲਦ ਹੀ ਰਿਹਾਅ ਹੋ ਕੇ ਕਿਸਾਨ—ਮਜਦੂਰ ਸੰਘਰਸ਼ਾਂ ਦੀ ਅਗਵਾਈ ਕਰਦਾ ਨਜ਼ਰ ਆਵੇਗਾ। ਉਨ੍ਹਾਂ ਕਿਹਾ ਕਿ ਭਾਜਪਾਈ ਅਤੇ ਆਮ ਆਦਮੀ ਪਾਰਟੀ ਵਾਲਿਆਂ ਦੀਆਂ ਜ਼ੁਬਾਨ ਬੰਦ ਕਰਨ ਦੀਆਂ ਸਾਜ਼ਿਸ਼ਾਂ ਘੱਟੇ ਰੋਲ ਦਿੱਤੀਆਂ ਜਾਣਗੀਆਂ ।ਆਗੂਆਂ ਨੇ ਕੁਲਰੀਆਂ ਜ਼ਮੀਨ ਮਾਲਕਾਂ ਉੱਪਰ ਆਮ ਆਦਮੀ ਪਾਰਟੀ ਹਲਕਾ ਵਿਧਾਇਕ ਦੀ ਸ਼ਿਹ ਤੇ ਪਲ ਰਹੇ ਗੁੰਡਾ ਅਨਸਰ ਰਾਜਵੀਰ ਸਿੰਘ ਉੱਪਰ ਇਰਾਦਾ ਕਤਲ ਦਾ ਪਰਚਾ ਦਰਜ਼ ਹੋਣ ਦੇ ਬਾਵਜੂਦ ਵੀ ਗ੍ਰਿਫ਼ਤਾਰ ਨਾ ਕਰਨ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕਰਦਿਆਂ ਮੰਗ ਕੀਤੀ ਕਿ ਸਮਾਜ ਵਿਰੋਧੀ ਅਨਸਰਾਂ ਨੂੰ ਨੱਥ ਪਾਈ ਜਾਵੇ ਅਤੇ ਕੁਲਰੀਆਂ ਜ਼ਮੀਨ ਮਾਲਕਾਂ ਦਾ ਜ਼ਮੀਨੀ ਹੱਕ ਬਹਾਲ ਕੀਤਾ ਜਾਵੇ। ਇਸ ਮੌਕੇ ਜ਼ਿਲਾ ਕਮੇਟੀ ਮੈਂਬਰ ਪਰਨੀਤ ਸਿੰਘ ਭੜਾਣਾ ਆਦਿ ਹਾਜ਼ਰ ਸਨ।

# ਪਾਕਿਸਤਾਨੀ ਪੰਜਾਬ ਅਸੈਂਬਲੀ 'ਚ ਪੰਜਾਬੀ ਪ੍ਰਵਾਨਗੀ ਦੀ ਕੇਂਦਰੀ ਸਭਾ ਵੱਲੋਂ ਸ਼ਲਾਘਾ

## ਪੰਜਾਬ ਤੋਂ ਜਿੱਤੇ ਮੈਂਬਰ ਪਾਰਲੀਮੈਂਟ ਵੀ ਮਾਤ ਭਾਸ਼ਾ ਦੇ ਹੱਕ ਵਿੱਚ ਖੜ੍ਹਨ



ਚੌਂਕ ਮਹਿਤਾ11 ਜੂਨ (ਬਾਬਾ ਸੁਖਵੰਤ ਸਿੰਘ ਚੰਨਣਕੇ) ਪੰਜਾਬੀ ਲੇਖਕਾਂ ਦੀ ਸਿਰਮੌਰ ਜਥੇਬੰਦੀ ਕੇਂਦਰੀ ਪੰਜਾਬੀ ਲੇਖਕ ਸਭਾ ਵਲੋਂ ਪਿਛਲੇਰੇ ਦਿਨੀਂ ਪਾਕਿਸਤਾਨੀ ਪੰਜਾਬ ਅਸੈਂਬਲੀ ਵਿਚ ਪੰਜਾਬੀ ਸਮੇਤ 4 ਹੋਰ ਭਾਸ਼ਾਵਾਂ ਬੋਲਣ ਦੀ ਆਗਿਆ ਦੇਣ ਦੇ ਫ਼ੈਸਲੇ ਦਾ ਸੁਆਗਤ ਕੀਤਾ ਗਿਆ ਹੈ ।ਕੇਂਦਰੀ ਸਭਾ ਦੇ ਪ੍ਰਧਾਨ ਦਰਸ਼ਨ ਬੁੱਟਰ, ਜਨਰਲ ਸਕੱਤਰ ਸੁਸ਼ੀਲ ਦੁਸਾਂਝ, ਸੀਨੀਅਰ ਮੀਤ ਪ੍ਰਧਾਨ ਡਾ: ਹਰਜਿੰਦਰ ਸਿੰਘ ਅਟਵਾਲ, ਦਫਤਰ ਸਕੱਤਰ ਦੀਪ ਦੇਵਿੰਦਰ ਸਿੰਘ ਅਤੇ ਮੀਤ ਪ੍ਰਧਾਨ ਸ਼ੇਲਿੰਦਰਜੀਤ ਸਿੰਘ ਰਾਜਨ ਵਲੋਂ ਜਾਰੀ ਬਿਆਨ ਵਿਚ ਕਿਹਾ ਕਿ ਲਹਿੰਦੇ ਪੰਜਾਬ ਤੋਂ ਪੰਜਾਬੀ ਪ੍ਰਤੀ ਲਏ ਇਸ ਫੈਸਲੇ ਦੀ ਰੌਸ਼ਨੀ ਵਿੱਚ ਹਾਲ ਹੀ ਵਿਚ ਭਾਰਤੀ ਪਾਰਲੀਮਾਨੀ ਚੋਣਾਂ ਵਿੱਚ ਜਿੱਤੇ ਪੰਜਾਬ ਦੇ ਪਾਰਲੀਮੈਂਟ ਮੈਂਬਰਾਂ ਨੂੰ ਵੀ ਮਾਤ ਭਾਸ਼ਾ ਦੇ ਹੱਕ ਵਿੱਚ ਖੜਨਾ ਚਾਹੀਦਾ ਹੈ। ਉਹਨਾਂ ਭਾਰਤ ਦੀ ਨਵੀਂ ਬਣੀ ਕੈਬਨਿਟ ਵਿੱਚ ਪੰਜਾਬ ਦੀ ਨੁਮਾਇੰਦਗੀ ਕਰਦੇ ਰਵਨੀਤ ਬਿੱਟੂ ਵਲੋਂ ਅੰਗਰੇਜ਼ੀ ਵਿੱਚ ਸਹੁੰ ਚੁੱਕਣ ਉਤੇ ਕਟਾਕਸ਼ ਕਰਦਿਆਂ ਕਿਹਾ ਕਿ ਜਿਸ ਭਾਸ਼ਾ ਵਿਚ ਇਹ ਰਾਜਨੀਤਕ ਆਗੂ ਆਪਣੇ ਲੱਛੇਦਾਰ ਭਾਸ਼ਣਾਂ ਵਿੱਚ ਲੋਕਾਂ ਕੋਲੋਂ ਵੋਟ ਅਤੇ ਸਪੋਰਟ ਮੰਗਦੇ ਹਨ ਉਸ ਭਾਸ਼ਾ ਤੋਂ ਇੰਝ ਮੂੰਹ ਮੋੜਨਾ ਦਿਆਨਤਦਾਰੀ ਨਹੀਂ ਹੈ ।ਉਹਨਾਂ ਕਿਹਾ ਕਿ ਇਹਨਾਂ ਨਵੇਂ ਚੁਣੇ ਪਾਰਲੀਮੈਂਟ ਮੈਂਬਰਾਂ ਨੂੰ ਸਹੁੰ ਚੁੱਕਣ ਸਮੇਤ ਪਾਰਲੀਮੈਂਟ ਅੰਦਰ ਹਰ ਤਰ੍ਹਾਂ ਦਾ ਭਾਸ਼ਣ ਮਾਤ ਭਾਸ਼ਾ ਵਿਚ ਹੀ ਦੇਣਾ ਚਾਹੀਦਾ ਹੈ ।ਕੇਂਦਰੀ ਸਭਾ ਦੇ ਅਹੁਦੇਦਾਰਾਂ ਸੁਰਿੰਦਰਪ੍ਰੀਤ ਘਣੀਆਂ, ਦਲਜੀਤ ਸਿੰਘ ਸ਼ਾਹੀ, ਬਲਵਿੰਦਰ ਸੰਧੂ, ਮਨਜੀਤ ਇੰਦਰਾ, ਭੁਪਿੰਦਰ ਕੌਰ ਪ੍ਰੀਤ, ਮੂਲ ਚੰਦ ਸ਼ਰਮਾ, ਰਜਿੰਦਰ ਰਾਜਨ, ਮੱਖਣ ਕੁਹਾੜ, ਡਾ: ਕਰਮਜੀਤ ਸਿੰਘ, ਡਾ: ਪਰਮਜੀਤ ਸਿੰਘ ਬਾਠ, ਮਾ: ਮਨਜੀਤ ਸਿੰਘ ਵੱਸੀ, ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਦੇ ਸਰਪ੍ਰਸਤ ਪ੍ਰਿ: ਰਘਬੀਰ ਸਿੰਘ ਸੋਹਲ, ਪ੍ਰਧਾਨ ਸੰਤੋਖ ਸਿੰਘ ਗੁਰਾਇਆ, ਸੀ: ਮਤਿ ਪ੍ਰਧਾਨ ਮੱਖਣ ਸਿੰਘ ਭੈਣੀਵਾਲਾ ਨੇ ਕਿਹਾ ਕਿ ਪੰਜਾਬ ਤੋਂ ਜਿੱਤ ਕੇ ਗਏ ਇਹਨਾਂ ਪਾਰਲੀਮੈਂਟ ਮੈਂਬਰਾਂ ਨੂੰ ਪਾਰਟੀ ਬਾਜੀ ਤੋਂ ਉਪਰ ਉਠ ਕੇ ਪੰਜਾਬ ਅੰਦਰਲੇ ਸਿਹਤ ਸਿੱਖਿਆ ਅਤੇ ਰੁਜ਼ਗਾਰ ਦੇ ਮਸਲੇ ਇਕ ਜੁੱਟਤਾ ਨਾਲ ਉਠਾਉਣੇ ਚਾਹੀਦੇ ਹਨ।

# ਸੰਗਰੂਰ ਮਧੂ ਕ੍ਰਾਂਤੀ ਦੇ ਆਗੂਆਂ ਨੇ ਡੀ. ਸੀ. ਸੰਗਰੂਰ ਨੂੰ ਮੰਗ ਪੱਤਰ ਦਿੱਤਾ



ਧੂਰੀ ( ਰਣਜੀਤ ਸਿੰਘ ਪੇਧਨੀ ) ਸੰਗਰੂਰ ਮਧੂ ਕ੍ਰਾਂਤੀ ਦੇ ਜ਼ਿਲ੍ਹਾ ਪ੍ਰਧਾਨ ਗੁਰਪ੍ਰੀਤ ਸਿੰਘ ਭਸੌੜ ਦੀ ਅਗਵਾਈ ਵਿੱਚ ਡੀਸੀ ਸੰਗਰੂਰ ਨੂੰ ਸ਼ਿਹਦ ਦੀ ਮਿਲਾਵਟ ਖੋਰੀ ਨੂੰ ਰੋਕਣ ਵਾਸਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਦੇਸ਼ ਦੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦੇ ਨਾਮ ਤੇ ਮੰਗ ਪੱਤਰ ਦਿੱਤਾ ਗਿਆ। ਇਸ ਮੌਕੇ ਚੋਣਵੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਜ਼ਿਲ੍ਹਾ ਪ੍ਰਧਾਨ ਗੁਰਪ੍ਰੀਤ ਸਿੰਘ ਭਸੌੜ ਨੇ ਕਿਹਾ ਕਿ ਜੋ ਵੀ ਭਰਾ ਮਧੂ ਮੱਖੀ ਦਾ ਉਦਯੋਗ ਕਰਦੇ ਹਨ ਉਹ ਪੂਰੀ ਇਮਾਨਦਾਰੀ ਨਾਲ ਮਾਰਕੀਟ ਵਿਚ ਵੇਚਦੇ ਹਨ ਪਰ ਕੁਝ ਕੁ ਮਧੂ ਮਿਲਾਵਟ ਵਾਲਾ ਆ ਰਿਹਾ ਹੈ ਸੋ ਸਰਕਾਰ ਨੂੰ ਮਿਲਾਵਟ ਕਰਨ ਵਾਲਿਆਂ ਤੇ ਸਖ਼ਤ ਕਾਰਵਾਈ ਕੀਤੀ ਜਾਵੇ ਤਾਂ ਜੋ ਆਮ ਲੋਕਾਂ ਦੀ ਜਿੰਦਗੀ ਖਿਲਵਾੜ ਹੋਣੋ ਬਚ ਸਕੇ। ਇਸ ਮੌਕੇ ਉਹਨਾਂ ਨਾਲ ਸ਼ਮਸ਼ੇਰ ਸਿੰਘ, ਗੁਰਪ੍ਰੀਤ ਕੁਮਾਰ, ਹਰਜੀਤ ਸਿੰਘ, ਗੁਰਤੇਜ ਸਿੰਘ, ਨਿਰਮਲ ਸਿੰਘ, ਸੁਖਵਿੰਦਰ ਸਿੰਘ, ਮਨਪ੍ਰੀਤ ਸਿੰਘ, ਦਰਬਾਰਾ ਸਿੰਘ, ਸਤਪਾਲ ਸ਼ਰਮਾ ਅਤੇ ਭੁਪਿੰਦਰ ਸਿੰਘ ਆਦਿ ਆਗੂ ਹਾਜ਼ਰ ਸਨ।

## ਸ੍ਰੀ ਵਿਨੀਤ ਵਰਮਾ ਮੈਂਬਰ ਟ੍ਰੇਡਰਜ ਕਮਿਸ਼ਨ ਪੰਜਾਬ ਸਰਕਾਰ ਅਤੇ ਸੂਬਾ ਪ੍ਰਧਾਨ ਟ੍ਰੇਡ ਵਿੰਗ ਦੀ ਰਹਿਨੁਮਾਈ ਹੇਠ ਇੱਕ ਮੀਟਿੰਗ ਕੀਤੀ ਗਈ : ਵਿਨੀਤ ਵਰਮਾ, ਹਰਜਿੰਦਰ ਸਿੰਘ ਜਲਾਲ ਉਸਮਾ



ਚੌਂਕ ਮਹਿਤਾ 11ਜੂਨ ( ਬਾਬਾ ਸੁਖਵੰਤ ਸਿੰਘ ਚੰਨਣਕੇ)ਜਿਸ ਵਿੱਚ ਲੋਕ ਸਭਾ ਚੋਣਾ ਦੀ ਜਿੱਤ ਦੀ ਆਮ ਆਦਮੀ ਪਾਰਟੀ ਵਲੋ ਆਲ ਵੋਟਰਾ ਸਪੋਰਟਰਾ ਤੇ ਵਲੰਟੀਅਰ ਦੀ ਕੀਤੀ ਰਾਤ ਦਿੰਨ ਦੀ ਮਿਹਨਤ ਦਾ ਫਤਵਾ ਸਿਰ ਮੱਥੇ ਤੇ ਵਿਕਾਸ਼ ਦੇ ਕੰਮ ਜਾਰੀ ਰਹਿਣਗੇ ਕੋਈ ਵੀ ਕੰਮ ਰੋਕਿਆ ਨਹੀ ਜਾਵੇਗਾ ਅਤੇ ਪੰਜਾਬ ਦੇ ਵਪਾਰੀਆਂ ਨੂੰ ਵੀ ਕੋਈ ਮੁਸ਼ਿਕਲ ਨਹੀ ਆਉਣ ਦਿੱਤੀ ਜਾਵੇਗੀ ਪੰਜਾਬ ਨੂੰ ਹਰ ਵਰਗ ਵਿਚ ਤਰਾਕੀ ਦੇ ਰਹਾ ਤੇ ਅਗੇ ਲਿਆਂਦਾ ਜਾਵੇਗਾ ਹਰਭਜਨ ਸਿੰਘ ਈਟੀਉ ਕੈਬਨਿਟ ਮੰਤਰੀ ਪੰਜਾਬ ਹਰਜਿੰਦਰ ਸਿੰਘ ਰੰਧਾਵਾ ਜਲਾਲ ਉਸ਼ਮਾ ਜਿਲਾ ਵਈਸ਼ ਪ੍ਰਧਾਨ ਵਪਾਰ ਮੰਡਲ ਅੰਮ੍ਰਿਤਸਰ ਪੀ ਏ ਵਿਨੀਤ ਵਰਮਾ ਸੁਰਜੀਤ ਸਿੰਘ ਕੰਗ ਪੰਜਾਬ ਸਕੱਤਰ ਕਿਸ਼ਾਨ ਵਿੰਗ ਲਖਵਿੰਦਰ ਸਿੰਘ ਠੇਕੇਦਾਰ ਜਲਾਲ ਉਸ਼ਮਾ ਬੂਟਾ ਸਿੰਘ ਜਲਾਲ ਮੀਡੀਆ ਇੰਚਾਰਜ ਜੰਡਿਆਲਾ ਗੁਰੂ ਬਲਜੀਤ ਸਿੰਘ ਜੋੜਾ ਜਿਲਾ ਸੈਕਟਰੀ ਟਰੈਡ ਵਿੰਗ ਅੰਮ੍ਰਿਤਸਰ ਹਰਵਿੰਦਰ ਸਿੰਘ ਡਾਇਮੰਡ ਕੋਆਡੀਨੇਟਰ ਟ੍ਰੇਡ ਵਿੰਗ ਅੰਮ੍ਰਿਤਸਰ ਗੁਰਵਿੰਦਰ ਸਿੰਘ ਚੋਹਾਨ ਸੀਟੀ ਪ੍ਰਧਾਨ ਅੰਮ੍ਰਿਤਸਰ ਸਾਉਥ ਰਾਜਬਲਵਿੰਦਰ ਸਿੰਘ ਕੋਆਡੀਨੇਟਰ ਟ੍ਰੇਡ ਵਿੰਗ ਮਜੀਠਾ ਹਾਜਰ ਸਨ।

ਦਮਦਮੀ ਟਕਸਾਲ ਦੇ ਮੁੱਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸ੍ਰੀ ਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਵੱਲੋਂ

# ਧੰਨ ਧੰਨ ਬਾਬਾ ਦੀਪ ਸਿੰਘ ਜੀ ਦੇ ਪਾਵਨ ਪਵਿੱਤਰ ਅਸਥਾਨ ਤੇ ਜਥੇਬੰਦੀ ਦਮਦਮੀ ਟਕਸਾਲ ਵੱਲੋਂ ਚੱਲ ਰਹੀਆਂ ਸੇਵਾਵਾਂ ਦੌਰਾਨ ਲੈਟਰ ਪਾਉਣ ਦੀਆਂ ਸੇਵਾਵਾਂ ਕੀਤੀਆਂ













(ਹੋਰ ਤਸਵੀਰਾਂ ਅਗਲੇ ਪੰਨਿਆਂ 'ਤੇ)

ਚੌਕ ਮਹਿਤਾ 11 ਜੂਨ ( ਬਾਬਾ ਸੁਖਵੰਤ ਸਿੰਘ ਚੰਨਣਕੇ )-ਦਮਦਮੀ ਟਕਸਾਲ ਦੇ ਮੁੱਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸ੍ਰੀ ਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਵਾਲੇ ਜਥੇ ਸਮੇਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਜੀ ਦਰਸ਼ਨ ਦੀਦਾਰ ਕਰਦੇ ਹੋਏ ਸਤਿਗੁਰੂ ਸਾਹਿਬ ਜੀ ਸੁਕਰਾਨਾ ਕਰਨ ਉਪੰਰਤ ਦਮਦਮੀ ਦੇ ਟਕਸਾਲ ਦੇ ਪਹਿਲੇ ਮੁੱਖੀ ਅਮਰ ਸਹੀਦ ਧੰਨ ਧੰਨ ਬਾਬਾ ਦੀਪ ਸਿੰਘ ਜੀ ਦੇ ਪਾਵਨ ਪਵਿੱਤਰ ਅਸਥਾਨ ਤੇ ਜਥੇਬੰਦੀ ਦਮਦਮੀ ਟਕਸਾਲ ਵੱਲੋਂ ਚੱਲ ਰਹੀਆਂ ਸੇਵਾਵਾਂ ਦੌਰਾਨ ਲੈਟਰ ਪਾਉਣ ਦੀਆਂ ਸੇਵਾਵਾਂ ਕੀਤੀਆਂ ਗਈਆਂ।

ਦਮਦਮੀ ਟਕਸਾਲ ਦੇ ਮੁੱਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸ੍ਰੀ ਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਵੱਲੋਂ

# ਧੰਨ ਧੰਨ ਬਾਬਾ ਦੀਪ ਸਿੰਘ ਜੀ ਦੇ ਪਾਵਨ ਪਵਿੱਤਰ ਅਸਥਾਨ ਤੇ ਜਥੇਬੰਦੀ ਦਮਦਮੀ ਟਕਸਾਲ ਵੱਲੋਂ ਚੱਲ ਰਹੀਆਂ ਸੇਵਾਵਾਂ ਦੌਰਾਨ ਲੈਟਰ ਪਾਉਣ ਦੀਆਂ ਸੇਵਾਵਾਂ ਕੀਤੀਆਂ











## ਆਯੂ ਭਰ ਹੀ ਥੱਪੜ-ਥਾਪੜੇ ਰਹਿਣ ਮਿਲਦੇ






ਆਯੂ ਭਰ ਹੀ ਥੱਪੜ-ਥਾਪੜੇ ਰਹਿਣ ਮਿਲ਼ਦੇ, ਥਾਪੜੇ ਘੱਟ ਤੇ ਬਹੁਤੇ ਪੈਣ ਥੱਪੜ
ਕਈ ਇੱਕੋ ਨਾਲ ਨੇ ਝੱਟ ਜਾਗ ਜਾਂਦੇ, ਕਈ ਖਾ ਕੇ ਵੀ ਸੁੱਤੇ ਰਹਿਣ
ਕਦੇ ਆਕਿਆਂ ਵਲੋਂ ਥੱਪੜਾਂ ਦਾ ਮੀਂਹ ਵਰ੍ਹਦੈ, ਕਦੇ ਮਾਪਿਆਂ ਵਲੋਂ ਗਏ
ਜਾਣ ਬੁੱਝ ਕੇ ਕਦੇ ਜਾਏ ਜੜਿਆ, ਕਦੇ ਗਲਤ ਫਹਿਮੀ ਕਰਕੇ ਪੜੇ
ਕਦੇ ਥੱਪੜ ਹੀ ਬਣਿਆਂ ਇਤਿਹਾਸ 'ਭੋਗਲ', ਕਦੇ ਧੜੇ ਦਾ ਬਣਿਆਂ ਨਿਸ਼ਾਨ ਥੱਪੜ
ਸਬਕ ਸਿਖਾਉਂਣ ਲਈ ਹੰਕਾਰੀ ਕੰਗਣਾ ਨੂੰ, ਕੁਲਵਿੰਦਰ ਕੌਰ ਨੇ ਦਿਤਾ ਜੱੜ ਥੱਪੜ।

-ਸਰਦਾਰ ਗੁਾਰਦੇਵ ਸਿੰਘ ਭੋਗਲ

# ਅੰਮ੍ਰਿਤ ਪਾਲ ਸਿੰਘ ਖਾਲਸਾ ਦੀ ਜਿੱਤ ਦੀ ਖੁਸ਼ੀ ਵਿੱਚ ਸਮੂਹ ਅੱਡਾ ਝਬਾਲ ਦੇ ਦੁਕਾਨਦਾਰਾਂ ਨੂੰ ਵੰਡੇ ਲੱਡੂ






ਆਵਾਜ਼ਿ ਕੌਮ AWAZE QAUM International Newspaper & WEB TV

**ਸਰਾਏ ਅਮਾਨਤ ਖਾਂ,11 ਜੂਨ (ਆਵਾਜ਼ਿ ਕੌਮ ਬਿਊਰੋ)-** ਖਡੂਰ ਸਾਹਿਬ ਹਲਕੇ ਤੋਂ ਮੈਂਬਰ ਪਾਰਲੀਮੈਂਟ ਦੀ ਚੋਣ ਵੱਡੀ ਲੀਡ ਨਾਲ ਜਿੱਤੇ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਦੀ ਜਿੱਤ ਦੀ ਖੁਸ਼ੀ ਵਿੱਚ ਅੱਜ ਸਰਪੰਚ ਬੀਬੀ ਮਨਜੀਤ ਕੌਰ ਬਾਠ ਮੀਆਂਪੁਰ ਦੇ ਪਤੀ ਭਾਈ ਸਤਨਾਮ ਸਿੰਘ ਬਾਠ ਦੀ ਅਗਵਾਹੀ ਵਿੱਚ ਸਮੂਹ ਅੱਡਾ ਝਬਾਲ ਦੇ ਦੁਕਾਨਦਾਰਾਂ ਨੂੰ ਖੁਸ਼ੀ ਵਿੱਚ ਲੱਡੂ ਵੰਡ ਕੇ ਖੁਸ਼ੀ ਦਾ ਪ੍ਰਗਟਾਵਾ ਕੀਤਾ ਗਿਆ ।ਇਸ ਸਮੇਂ ਭਾਈ ਸਤਨਾਮ ਸਿੰਘ ਬਾਠ ਨੇ ਕਿਹਾ ਕਿ ਭਾਈ ਅਮ੍ਰਿਤਪਾਲ ਸਿੰਘ ਖਾਲਸਾ ਦੀ ਜਿੱਤ ਇੱਕ ਬੇਮਿਸਾਲ ਜਿੱਤ ਹੈ ਜਿਸ ਨੇ ਸਿੱਧ ਕਰ ਦਿੱਤਾ ਹੈ ਕਿ ਲੋਕ ਹੁਣ ਸਿਆਸੀ ਪਾਰਟੀਆਂ ਦੇ ਆਗੂਆਂ ਦੇ ਝੂਠੇ ਲਾਰਿਆਂ ਤੋਂ ਤੰਗ ਆ ਚੁੱਕੇ ਹਨ ਅਤੇ ਚਾਹੁੰਦੇ ਹਨ ਕਿ ਕੋਈ ਇਹੋ ਜਿਹਾ ਲੀਡਰ ਮਿਲੇ ਜੋ ਸਿੱਖ ਪੰਥ ਅਤੇ ਨੌਜਵਾਨਾਂ ਲਈ ਆਵਾਜ਼ ਨੂੰ ਬੁਲੰਦ ਕਰ ਸਕੇ ਅਤੇ ਨਸ਼ਿਆਂ ਵਿਰੁੱਧ ਲੋਕਾਂ ਨੂੰ ਲਾਮਬੰਦ ਕਰੇ ।ਇਸ ਸਮੇਂ ਪੂਰਨ ਸਿੰਘ ਅੱਡਾ ਝਬਾਲ, ਸਤਨਾਮ ਸਿੰਘ ਬਾਠ, ਬਾਬਾ ਬਾਊਸਰ, ਗੁਰਜੀਤ ਸਿੰਘ ਮੀਆਂਪੁਰ, ਸੋਨੂੰ ਮੀਆਂਪੁਰ, ਦਲਜੀਤ ਸਿੰਘ ਬਿੱਟੂ, ਸਰਪੰਚ ਸੋਨੂੰ ਬਰਾੜ, ਕਿਸਾਨ ਆਗੂ ਪਿਆਰਾ ਸਿੰਘ , ਬਾਬਾ ਵਰਿਆਮ ਸਿੰਘ ਭਾਂਡਿਆਂ ਵਾਲਾ, ਸਰਪੰਚ ਸ਼ਾਮ ਸਿੰਘ ਕੋਟ,ਸੇਵਕ ਸਿੰਘ ਕੋਟ, ਰੇਸ਼ਮ ਸਿੰਘ ਕੁੱਲਚਿਆ ਵਾਲਾ,ਕਾਲਾ ਪੰਜ ਤਾਰਾ ਵਾਲਾ, ਬਲਾਕ ਸੰਮਤੀ ਮੈਂਬਰ ਡਾ ਫੁੱਲਵਿੰਦਰ ਸਿੰਘ, ਸਰਪੰਚ ਗੁਰਦੇਵ ਸਿੰਘ ਬਘਿਆੜੀ,ਬਾਊ ਦੋਦੀ ,ਗੁਰਵਿੰਦਰ ਸਿੰਘ,ਲਵਜੀਤ ਸਿੰਘ, ਰਿੰਕੂ ਛੀਨਾ, ਲਖਵਿੰਦਰ ਸਿੰਘ, ਲੱਖਾ ਮੱਝੂਪੁਰ,ਜੋਬਨ ਕਮੋਹ,ਪ੍ਰੇਮ ਟੈਲੀਕੌਮ,ਕਾਕਾ ਛੀਨਾ, ਸਾਬਕਾ ਸਰਪੰਚ ਕਾਕਾ ਛਾਪਾ ਆਦਿ ਹਾਜ਼ਰ ਸਨ।

# ਪਾਕਿ ਗੁਰਦੁਆਰੇ ਦੀ ਮੁਸਲਮਾਨਾਂ ਲਈ ਵੀ ਸ਼ਰਧਾ ਦੇ ਸਥਾਨ—ਭੁੱਲਰ



ਫ਼ਿਰੋਜ਼ਪੁਰ, 11 ਜੂਨ (ਮਨੋਹਰ ਲਾਲ) :— ਪਾਕਿ ਵਿਖੇ ਸਿੱਖ ਗੁਰਧਾਮਾਂ ਦੀ ਅੱਜ ਵੀ ਕਈ ਮੁਸਲਮਾਨ ਮਾਨਤਾ ਕਰਦੇ ਹਨ, ਗੁਰਦੁਆਰਾ ਪੰਜਾ ਸਾਹਿਬ ਵਿਖੇ ਹਫਤੇ ਵਿਚ 2 ਦਿਨ ਮੁਸਲਮਾਨ ਵੀ ਦਰਸ਼ਨ ਕਰਦੇ ਹਨ। ਇਹ ਵਿਚਾਰ ਸਾਂਝੇ ਕਰਦਿਆਂ ਭਾਈ ਮਰਦਾਨਾ ਯਾਦਗਾਰੀ ਕੀਰਤਨ ਦਰਬਾਰ ਸੁਸਾਇਟੀ ਦੇ ਪ੍ਰਧਾਨ ਹਰਪਾਲ ਸਿੰਘ ਭੁੱਲਰ ਤੇ ਸਾਥੀਆਂ ਨੇ ਕਿਹਾ ਕਿ ਬੀਬੀਆਂ ਨਵੇਂ—ਨਵੇਂ ਹੋਏ ਬੱਚਿਆਂ ਨੂੰ ਲੈ ਕੇ ਬਹੁਤ ਆਉਂਦੀਆਂ ਹਨ, ਪੰਜੇ ਵਿਚ ਹੱਥ ਪਾ ਕੇ ਉਸ ਜਾਲ ਨਾਲ ਬੱਚੇ ਦਾ ਮੂੰਹ ਧੌਂਦੇ ਹਨ ਅਤੇ ਗੁਰੂ ਘਰ ਤੋਂ ਲੰਗਰ ਛੱਕ ਕੇ ਆਉਂਦੇ ਹਨ, ਇਸ ਵੇਲੇ ਬਾਹਰੋ ਗੁਰੂ ਘਰ ਮੱਥਾ ਟੇਕਣ ਆਉਂਦੇ ਹਨ, ਇਨ੍ਹਾਂ ਦੀ ਤਲਾਸ਼ੀ ਲੈ ਕੇ ਤਮਾਕੂੰ ਵਗੈਰਾ ਬਾਹਰ ਰੱਖ ਲਿਆ ਜਾਂਦਾ ਹੈ, ਇਹ ਵੀ ਦਿਲੋ ਮੰਨਦੇ ਹਨ। ਇਸੇ ਤਰ੍ਹਾਂ ਜਨਮ ਅਸਥਾਨ ਨਨਕਾਣਾ ਸਾਹਿਬ ਤਾਂ ਬਹੁਤ ਮੁਸਲਮਾਨ ਹਫਤੇ ਵਿਚ ਦੋ ਵਾਰੀ ਦਰਸ਼ਨਾਂ ਲਈ ਅੰਦਰ ਆਉਂਦੇ ਹਨ, ਉਨ੍ਹਾਂ ਦੀ ਤਲਾਸ਼ੀ ਲੈ ਕੇ ਅੰਦਰ ਭੇਜਿਆ ਜਾਂਦਾ ਹੈ, ਇਹ ਮੱਥਾ ਟੇਕ ਕੇ ਲੰਗਰ ਜਾਂ ਚਾਹ ਪੀ ਕੇ ਆਉਂਦੇ ਹਨ, ਦਿਲੋ ਸ਼ਰਧਾ ਨਾਲ ਮੱਥਾ ਟੇਕਦੇ ਹਨ, ਬੱਚਿਆਂ ਦੀ ਸੁੱਖ, ਬਿਮਾਰੀ ਲਈ ਅਰਦਾਸ ਨਨਕਾਣਾ ਸਾਹਿਬ ਜਿਥੇ ਸਪ ਨੇ ਛਾਂ ਕੀਤੀ ਸੀ, ਉਸ ਜੰਡ ਦੇ ਪੱਤੇ ਵੱਡੀ ਗਿਣਤੀ ਵਿਚ ਸਿੱਖ ਯਾਤਰੀ ਪੱਤੇ ਖਾਂਦੇ ਹਨ, ਉਨ੍ਹਾਂ ਸਭ ਦੇ ਬੱਚਿਆਂ ਦੀ ਝੋਲੀ ਭਰ ਜਾਂਦੀ ਹੈ, ਗੁਰਦੁਆਰਾ ਕਰਤਾਰਪੁਰ ਸਾਹਿਬ ਵਿਖੇ ਸਿੱਖ ਅਤੇ ਮੁਸਲਮਾਨ ਬੜੀ ਗਿਣਤੀ ਵਿਚ ਆਉਂਦੇ ਹਨ, ਜਿਨ੍ਹਾਂ ਵੇਲਿਆਂ ਵਿਚ ਕਰਤਾਰਪੁਰ ਸਾਹਿਬ ਸਿੱਖ ਨਹੀਂ ਸਨ ਆਉਂਦੇ, ਉਨ੍ਹਾਂ ਵੇਲਿਆਂ ਵਿਚ ਅਸੀਂ ਵੇਖਦੇ ਹੁੰਦੇ ਸੀ ਮੁਸਲਮਾਨ ਢੋਲ ਵਜਾਉਂਦੇ ਸਨ, ਅਜਿਹੇ ਕਈ ਅਸਥਾਨ ਹੋਰ ਅਜੇ ਵੀਕਈ ਹੋਰ ਅਸਥਾਨ ਹਨ, ਜਿਥੇ ਮਾਨਤਾ ਹੁੰਦੀ ਹੈ, ਦਾਸ ਸ੍ਰੀ ਗੁਰੂ ਨਾਨਕ ਸਾਹਿਬ ਜੀ ਦੇ 550 ਸਾਲਾਂ ਪ੍ਰਕਾਸ਼ ਤੇ ਪਾਕਿ ਜਾਣ ਲੱਗਾ ਅਤੇ ਉਥੋਂ ਦੇ ਕਈ ਉਤਾਰ ਚੜ੍ਹਾਅ ਦੇਖੇ ਹਨ, ਪਾਕਿ ਵਿਖੇ ਸਮੂਹ ਗੁਰਦੁਆਰਿਆਂ ਵਿਚ ਥਾਲ, ਗਲਾਸ, ਦੇਗਾਂ, ਕੜਾਹੇ, ਦਰੀਆਂ, ਮਹਾਰਾਜ ਦੇ ਪਿੜੇ ਭੇਂਟਾਂ ਕਰਕੇ ਆਏ ਹਨ, ਉਥੇ ਉਨ੍ਹਾਂ ਉਪਰ ਨਾਮ ਲਿਖੇ ਹੋਏ ਹਨ। ਅਜੇ ਜਥਿਆਂ ਦੇ ਰੂਪ ਵਿਚ ਭੇਜਦੇ ਆ ਰਹੇ ਹਨ, ਰੀਸ ਕਰਕੇ ਕਈ ਉਪਰ ਨੂੰ ਮੂੰਹ ਚੁੱਕ ਜਾਂਦੇ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

## ਧੰਨ—ਧੰਨ ਸ੍ਰੀ ਗੁਰੂ ਅਰਜਨ ਦੇਵ ਜੀ ਦਾ ਸ਼ਹੀਦੀ ਗੁਰਪੁਰਬ ਸ਼ਰਧਾ ਭਾਵਨਾ ਨਾਲ ਮਨਾਇਆ







ਫ਼ਿਰੋਜ਼ਪੁਰ, 11 ਜੂਨ (ਮਨੋਹਰ ਲਾਲ) :— ਸ਼ਹੀਦਾਂ ਦੇ ਸਰਤਾਜ ਪੰਜਵੇਂ ਪਾਤਸ਼ਾਹ ਧੰਨ—ਧੰਨ ਸ੍ਰੀ ਗੁਰੂ ਅਰਜਨ ਦੇਵ ਜੀ ਦਾ ਸ਼ਹੀਦੀ ਗੁਰਪੁਰਬ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਗੁਰਦੁਆਰਾ ਗੁਰੂ ਰਾਮਦਾਸਪੁਰੀ ਅਰਮਾਨਪੁਰਾ (ਆਂਸਲ) ਵਿਖੇ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਮਿਤੀ 9 ਜੂਨ 2024 (27 ਜੇਠ) ਦਿਨ ਐਤਵਾਰ ਨੂੰ ਸ੍ਰੀ ਆਖੰਡ ਪਾਠ ਸਾਹਿਬ ਜੀ ਆਰੰਭ ਕੀਤੇ ਗਏ, ਮਿਤੀ 10 ਜੂਨ ਦਿਨ ਸੋਮਵਾਰ ਨੂੰ ਗੁਰਦੁਆਰਾ ਗੁਰੂ ਰਾਮਦਾਸਪੁਰੀ ਅਰਮਾਨਪੁਰਾ, ਗੁਰੂ ਰਾਮਦਾਸ ਪਬਲਿਕ ਸਕੂਲ ਸ਼ਾਹਦੀਨ ਵਾਲਾ ਅਤੇ ਗੁਰਦੁਆਰਾ ਗੁਰੂ ਤੇਗ ਬਹਾਦਰ ਸਾਹਿਬ ਜ਼ੀਰਾ ਗੇਟ ਫ਼ਿਰੋਜ਼ਪੁਰ ਸ਼ਹਿਰ ਵੱਲੋਂ ਠੰਡੇ ਮਿੱਠੇ ਜਲ ਦੀਆਂ ਛਬੀਲਾਂ ਅਤੇ ਲੰਗਰ ਲਗਾਏ ਗਏ। ਅੱਜ ਮਿਤੀ 11 ਜੂਨ (29 ਜੇਠ) ਦਿਨ ਮੰਗਲਵਾਰ ਨੂੰ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ, ਉਪਰੰਤ ਖੁੱਲੇ ਪੰਡਾਲ ਵਿਚ ਦੀਵਾਨ ਸਜਾਏ ਗਏ, ਜਿਨ੍ਹਾਂ ਵਿਚ ਰਾਗੀ ਸਿੰਘਾਂ, ਕਥਾਵਾਚਕਾਂ ਅਤੇ ਢਾਡੀ ਜਥਿਆਂ ਨੇ ਸੰਗਤਾਂ ਨੂੰ ਕਥਾ ਵਿਚਾਰਾਂ, ਕਵੀਸ਼ਰੀ ਅਤੇ ਕੀਰਤਨ ਨਾਲ ਨਿਹਾਲ ਕੀਤਾ। ਗੁਰਦੁਆਰਾ ਰਾਮਦਾਸਪੁਰੀ ਦੇ ਮੁੱਖ ਸੇਵਾਦਾਰ ਭਗਤ ਬਾਬਾ ਮਿਲਖਾ ਸਿੰਘ ਜੀ ਨੇ ਸਮਾਗਮ ਵਿਚ ਦੂਰੋਂ ਨੇੜਿਓ ਪਹੁੰਚੀਆਂ ਸੰਗਤਾਂ ਦਾ ਧੰਨਵਾਦ ਕੀਤਾ ਅਤੇ ਸੰਗਤਾਂ ਨੂੰ ਪੰਜਵੇਂ ਪਾਤਸ਼ਾਹ ਧੰਨ—ਧੰਨ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਜੀਵਨ ਬਾਰੇ ਚਾਨਣਾ ਪਾਇਆ। ਬਾਬਾ ਜੀ ਨੇ ਕਿਹਾ ਕਿ 23 ਜੂਨ 2024 ਦਿਨ ਐਤਵਾਰ ਨੂੰ ਛੇਵੇਂ ਗੁਰੂ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦਾ ਜਨਮ ਦਿਹਾੜਾ ਗੁਰਦੁਆਰਾ ਗੁਰੂ ਰਾਮਦਾਸਪੁਰੀ ਅਰਮਾਨਪੁਰਾ (ਆਂਸਲ) ਵਿਖੇ ਬੜੇ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਹੈ। ਬਾਬਾ ਜੀ ਨੇ ਸੰਗਤਾਂ ਨੂੰ ਅੰਮ੍ਰਿਤ ਛਕਣ ਅਤੇ ਗੁਰੂ ਘਰ ਨਾਲ ਜੁੜਣ ਦੀ ਪ੍ਰੇਰਣਾ ਦਿੱਤੀ, ਉਪਰੰਤ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243




**ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥**

ਸਤਿਕਾਰ ਯੋਗ ਸ਼ਹੀਦ ਭਾਈ ਕੁਲਵੰਤ ਸਿੰਘ ਖੁਖਰਾਣਾ ਦੇ ਪੁੱਤਰ ਸ਼ਹੀਦ ਭਾਈ ਅਵਤਾਰ ਸਿੰਘ ਖੰਡਾ ਆਜ਼ਾਦ ਦੀ ਸ਼ਹਾਦਤ ਦੇ ਪਹਿਲੇ ਸਲਾਨਾ ਸਮਾਗਮ ਨੂੰ ਮੁੱਖ ਰੱਖਦਿਆਂ ਹੋਇਆਂ, ਸ੍ਰੀ ਆਖੰਡ ਪਾਠ ਸਾਹਿਬ ਦਾ ਭੋਗ 15 ਜੂਨ 2024 ਨੂੰ ਗੁਰਦੁਆਰਾ ਸ੍ਰੀ ਬਾਬਾ ਅਟੱਲ ਰਾਏ ਜੀ, ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਅੰਮ੍ਰਿਤਸਰ ਦੇ ਅਸਥਾਨ ਤੇ ਪਾਇਆ ਜਾ ਰਿਹਾ ਹੈ। ਮੈਂ ਸਾਰੀ ਸੰਗਤ ਤੇ ਸਮੂਹ ਸਿੱਖ ਜਥੇਬੰਦੀਆਂ ਨੂੰ ਪੁਰਜ਼ੋਰ ਅਪੀਲ ਕਰਦੀ ਹਾਂ ਕਿ ਸਭ ਨੇ ਆਪੋ-ਆਪਣੀ ਜ਼ਿੰਮੇਵਾਰੀ ਸਮਝਦਿਆਂ ਹੋਇਆਂ ਹਾਜ਼ਰੀ ਭਰਨ ਦੀ ਕ੍ਰਿਪਾਲਤਾ ਕਰਨੀ ਜੀ। ਸੰਗਤ ਜੀ ਮੈਂ ਆਪਣੇ ਆਪ ਨੂੰ ਇਤਨੀ ਸਮਰੱਥ ਨਹੀ ਸਮਝਦੀ ਕਿ ਵਿਸ਼ੇਸ ਸੱਦੇ ਭੇਜ ਸਕਾਂ ਸੋ ਇਸ ਗੱਲ ਦੀ ਮਾਫੀ ਚਾਹੁੰਦੀ ਹਾਂ ਪਰ ਸੰਗਤ ਜੀ ਤੁਸੀਂ ਸ਼ਹੀਦਾਂ ਦੇ ਸਤਿਕਾਰ ਨੂੰ ਮੁੱਖ ਰੱਖਦਿਆਂ ਹੋਇਆਂ ਹੁੰਮ-ਹੁੰਮਾ ਕੇ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ। - ਚਰਨਜੀਤ ਕੌਰ